ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa
81980 95553

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸੋਮਵਾਰ, 14 ਅਕਤੂਬਰ 2024
Email:- lokbani08@gmail.com

## ਅੱਜ ਦਾ ਸ਼ੁਭ ਵਿਚਾਰ



ਸਾਨੂੰ ਪੜ੍ਹੇ ਲਿਖੇ ਅਤੇ ਅਗਾਹ ਵਧੂ ਸੋਚ ਰੱਖ ਵਾਲੇ ਨੌਜਵਾਨ ਉਮੀਦਵਾਰ ਤੇ ਹੱਕ ਵਿੱਚ ਵੋਟ ਕਰਨੀ ਚਾਹੀਦੀ ਹੈ। ਫਿਰ ਹੀ ਪਿੰਡ ਤਰੱਕੀ ਕਰ ਸਕਦਾ ਹੈ।


ਬਹਾਦਰ ਸਿੰਘ ਢੰਡਾ

ਰੋਜ਼ਾਨਾ ਲੋਕ ਬਾਣੀ
www.lokbani.com

R. N. I. Punpun/29016/2008 ✶ ਸਾਲ 16 , ✶ ਅੰਕ : 125, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111

ਇਸ ਵਾਰ ਕ੍ਰਿਸਮਸ ਅਤੇ ਨਵਾਂ ਸਾਲ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
ਬਹੁਤ ਸਾਰੇ ਲੋਕ ਈਜ਼ੀ ਵੀਜ਼ਾ ਦੀ ਸਹੀ ਸਲਾਹ ਨਾਲ ਵਿਦੇਸ਼ ਜਾਣ ਦਾ ਸੁਪਨਾ ਕਰ ਚੁੱਕੇ ਹਨ ਸਾਕਾਰ
easyvisa | 81980 95553

## ਯੂਕਰੇਨ ਤੇ ਰੂਸ ਨੇ ਦਾ.ਗੀਆਂ ਚਾਰ ਮਿਜ਼ਾਈਲਾਂ



ਕੀਵ, ਲੋਕ ਬਾਣੀ- 13 ਅਕਤੂਬਰ- ਯੂਕਰੇਨ ਹਵਾਈ ਫੌਜ ਨੇ ਦਾਅਵਾ ਕੀਤਾ ਹੈ ਕਿ ਰੂਸ ਨੇ ਉਸ ਦੇ ਯੂਕਰੇਨ ਖੇਤਰ ਵਿਚ ਦੇਰ ਰਾਤ 68 ਡਰੋਨ ਤੇ ਚਾਰ ਮਿਜ਼ਾਈਲਾਂ ਦਾਗੀਆਂ। ਇਹ ਮਿਜ਼ਾਈਲਾਂ ਪੋਲਟਾਵਾ, ਉਡੇਸਾ,ਚਿਰਨੀਹੀਵ ਤੇ ਸੂਮੀ ਖੇਤਰ ਵੱਲ ਦਾਗੀਆਂ ਗਈਆਂ।
ਯੂਕਰੇਨ ਹਵਾਈ ਫੌਜ ਨੇ ਦੱਸਿਆ ਕਿ ਉਸ ਦੀ ਟੀਮ ਨੇ 31 ਡਰੋਨਾਂ ਨੂੰ ਤਾਂ ਤਬਾਹ ਕਰ ਦਿੱਤਾ ਤੇ ਬਾਕੀ ਰਹਿੰਦੇ ਡਰੋਨਾਂ ਨੂੰ ਤਬਾਹ ਕਰਨ ਲਈ ਕਾਰਵਾਈ ਜਾਰੀ ਹੈ।

## ਸਾਬਕਾ ਪ੍ਰੋਫੈਸਰ ਸਾਈਬਾਬਾ ਦੀ ਦੇਹ ਹਸਪਤਾਲ ਨੂੰ ਕਰ ਦਿੱਤੀ ਗਈ ਦਾਨ



ਹੈਦਰਾਬਾਦ, ਲੋਕ ਬਾਣੀ-ਦਿੱਲੀ ਯੂਨੀਵਰਸਿਟੀ ਦੇ ਸਾਬਕਾ ਪ੍ਰੋਫੈਸਰ ਜੀਐੱਨ ਸਾਈਬਾਬਾ (54), ਜਿਨ੍ਹਾਂ ਦਾ ਸ਼ਨਿੱਚਰਵਾਰ ਰਾਤ ਇਥੇ ਸਰਕਾਰੀ ਹਸਪਤਾਲ ਵਿਚ ਦੇਹਾਂਤ ਹੋ ਗਿਆ ਸੀ, ਦੇ ਪਰਿਵਾਰ ਨੇ ਮ੍ਰਿਤਕ ਦੇਹ ਹਸਪਤਾਲ ਨੂੰ ਦਾਨ ਕਰ ਦਿੱਤੀ ਹੈ। ਸਾਈਬਾਬਾ ਨੇ ਦੋ ਹਫ਼ਤੇ ਪਹਿਲਾਂ ਪਿੱਤੇ ਵਿਚ ਪੱਥਰੀ ਦਾ ਅਪਰੇਸ਼ਨ ਕਰਵਾਇਆ ਸੀ ਤੇ ਉਹ ਅਪਰੇਸ਼ਨ ਮਗਰੋਂ ਆਈਆਂ ਦਿੱਕਤਾਂ ਨਾਲ ਜੂਝ ਰਹੇ ਸਨ। ਸਾਬਕਾ ਪ੍ਰੋਫੈਸਰ ਨੂੰ ਅਜੇ ਸੱਤ ਮਹੀਨੇ ਪਹਿਲਾਂ ਮਾਓਵਾਦੀਆਂ ਨਾਲ ਸਬੰਧ ਕੇਸ ਵਿਚ ਰਿਹਾਈ ਮਿਲੀ ਸੀ। ਸਾਈਬਾਬਾ ਨੇ ਰਾਤ 9 ਵਜੇ ਦੇ ਕਰੀਬ ਆਖਰੀ ਸਾਹ ਲਏ। ਉਹ ਪਿਛਲੇ 20 ਦਿਨਾਂ ਤੋਂ ਨਿਜ਼ਾਮ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਵਿਚ ਦਾਖ਼ਲ ਸਨ। ਉਂਝ ਸਾਈਬਾਬਾ ਦੀ ਮ੍ਰਿਤਕ ਦੇਹ ਸਕੇ-ਸਬੰਧੀਆਂ ਤੇ ਦੋਸਤਾਂ ਆਦਿ ਦੇ ਅੰਤਿਮ ਦਰਸ਼ਨਾਂ ਲਈ ਸੋਮਵਾਰ ਨੂੰ ਇਥੇ ਜਵਾਹਰ ਨਗਰ ਵਿਚ ਰੱਖੀ ਜਾਵੇਗੀ।

B.N REAL ESTATE
( ਪ੍ਰਾਪਰਟੀ ਡੀਲਰ )
ਐਗਰੀਕਲਚਰ ਲੈਂਡ ਖਰੀਦਣ ਅਤੇ ਵੇਚਣ ਲਈ ਸੰਪਰਕ ਕਰੋ |




91000-79-579 | 98141-92-632
Shop No 5,Adda Kapur Pind,Opp IndusInd Bank,Jalandhar.

## ਜੈਪੁਰ ਚ ਵਾਪਰੀਆਂ ਸੜਕ ਹਾਦਸਾ ਦੋ ਦੀ ਹੋਈ ਮੌਤ




ਜੈਪੁਰ ਲੋਕ ਬਾਣੀ --ਰਾਜਸਥਾਨ ਦੇ ਸਿਰੋਹੀ ਜ਼ਿਲ੍ਹੇ ਵਿਚ ਦੋਪਹੀਆ ਵਾਹਨ ਅਤੇ ਪਿਕਅਪ ਵੈਨ ਵਿਚਾਲੇ ਹੋਈ ਟੱਕਰ ਵਿਚ ਦੋ ਮੋਟਰਸਾਈਕਲ ਸਵਾਰਾਂ ਦੀ ਮੌਤ ਹੋ ਗਈ। ਕੈਲਾਸ਼ ਨਗਰ ਦੇ ਐਸ. ਐਚ.ਓ. ਕਾਨਾਰਾਮ ਸਿਰਵੀ ਨੇ ਦੱਸਿਆ ਕਿ ਦੇਵ ਨਗਰ ਵਿਚ ਟੈਂਟ ਸਮੱਗਰੀ ਨਾਲ ਭਰੀ ਪਿਕਅਪ ਵੈਨ ਨੇ ਬਾਈਕ ਨੂੰ ਟੱਕਰ ਮਾਰ ਦਿੱਤੀ, ਜਿਸ ਵਿਚ ਦਿਨੇਸ਼ ਰੇਬਾੜੀ (20) ਅਤੇ ਨਿੰਬਰਾਮ (18) ਦੀ ਮੌਤ ਹੋ ਗਈ ਅਤੇ ਦੋਵਾਂ ਵਾਹਨਾਂ ਨੂੰ ਜ਼ਬਤ ਕਰ ਲਿਆ ਗਿਆ ਹੈ। ਪਿਕਅਪ ਚਾਲਕ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ।

## ਬੀਜੇਪੀ ਆਗੂ ਦੇ ਗੰਨਮੈਨ ਨੇ ਮਾਰੀ ਆਪਣੇ ਆਪ ਨੂੰ ਗੋਲੀ



ਸੰਗਰੂਰ, ਲੋਕ ਬਾਣੀ--ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਐਫ.ਸੀ.ਆਈ. ਦੇ ਡਾਇਰੈਕਟਰ ਜੀਵਨ ਕੁਮਾਰ ਗਰਗ ਦੇ ਸਰਕਾਰੀ ਗੰਨਮੈਨ ਵਲੋਂ ਆਪਣੇ ਆਪ ਨੂੰ ਗੋਲੀ ਮਾਰ ਕੇ ਖ਼ੁਦਕੁਸ਼ੀ ਕਰ ਲੈਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਦਿੰਦਿਆਂ ਜੀਵਨ ਗਰਗ ਨੇ ਦੱਸਿਆ ਕਿ ਉਸ ਦਾ ਗੰਨਮੈਨ ਨਵਜੋਤ ਸਿੰਘ ਜੋ ਪਟਿਆਲਾ ਰਹਿੰਦਾ ਸੀ, ਅੱਜ ਕਰੀਬ 11 ਵਜੇ ਉਹ ਉਸ ਕੋਲ ਭਵਾਨੀਗੜ੍ਹ ਆਪਣੀ ਡਿਊਟੀ ਉਤੇ ਆਉਣ ਤੋਂ ਪਹਿਲਾਂ ਉਸ ਨੇ ਉਸ ਨੂੰ ਫੋਨ ਕਰਕੇ ਆਪਣੇ ਆਉਣ ਬਾਰੇ ਦੱਸਿਆ ਅਤੇ ਜਦੋਂ ਕਈ ਘੰਟੇ ਉਹ ਨਾ ਆਇਆ ਤਾਂ ਉਸ (ਜੀਵਨ ਗਰਗ) ਨੇ ਉਸ ਨੂੰ ਫੋਨ ਕੀਤਾ ਪਰ ਉਸ ਨੇ ਫੋਨ ਨਾ ਚੁੱਕਿਆ ਤਾਂ ਉਸ ਨੇ ਉਸ ਦੇ ਘਰ ਫੋਨ ਕੀਤਾ।

## ਮਸ਼ਹੂਰ ਤਪ ਅਸਥਾਨ ਬਾਬਾ ਸ੍ਰੀ ਚੰਦ ਨਾਨਕ ਚੱਕ ਜੀ ਦੇ ਮਹੰਤ ਜੀ ਦਾ ਹੋਇਆ ਦਿਹਾਂਤ



ਗੁਰਦਾਸਪੁਰ, ਨਵਨੀਤ ਕੁਮਾਰ- -ਸ਼ਰਧਾਲੂਆਂ ਲਈ ਬਹੁਤ ਹੀ ਦੁਖਦਾਈ ਖਬਰ ਹੈ ਕਿ ਤਪ ਅਸਥਾਨ ਬਾਬਾ ਸ੍ਰੀ ਚੰਦ ਜੀ, ਨਾਨਕ ਚੱਕ ਦੇ ਮੁੱਖ ਸੇਵਾਦਾਰ ਮਹੰਤ ਤਿਲਕ ਦਾਸ ਜੀ ਜੋ ਪਿਛਲੇ ਕਈ ਸਾਲਾਂ ਤੋਂ ਇਥੇ ਸੇਵਾ ਕਾਰਜ ਨਿਭਾਅ ਰਹੇ ਸਨ, ਉਹ ਅਚਾਨਕ ਕੁਝ ਦੇਰ ਪਹਿਲਾਂ ਸਦੀਵੀ ਵਿਛੋੜਾ ਦੇ ਗਏ ਹਨ। ਜਾਣਕਾਰੀ ਮੁਤਾਬਕ ਸਿਹਤ ਵਿਗੜ ਜਾਣ ਕਰਕੇ ਉਨ੍ਹਾਂ ਨੂੰ ਅੱਜ ਸਵੇਰੇ ਅੰਮ੍ਰਿਤਸਰ ਵਿਖੇ ਇਲਾਜ ਲਈ ਲਿਜਾਇਆ ਗਿਆ ਸੀ, ਜਿਥੇ ਉਨ੍ਹਾਂ ਦੀ ਜ਼ੇਰੇ ਇਲਾਜ ਅਚਾਨਕ ਮੌਤ ਹੋ ਗਈ।

## ਸੂਬੇ ਦੀ ਆਪ ਸਰਕਾਰ ਤੋਂ ਹਰ ਵਰਗ ਨਿਰਾਸ਼ -ਘੁਬਾਇਆ



ਸ੍ਰੀ ਮੁਕਤਸਰ ਸਾਹਿਬ, ਲੋਕ ਬਾਣੀ --ਇਥੋਂ ਦੇ ਕੋਟਕਪੂਰਾ ਚੌਕ ਵਿਖੇ ਪ੍ਰਾਪਰਟੀ ਡੀਲਰਾਂ, ਕਾਲੋਨਾਈਜ਼ਰਾਂ ਅਤੇ ਅਰਜੀ ਨਵੀਸਾਂ ਵਲੋਂ ਐਨ.ਓ.ਸੀ. ਦੀ ਬੇਲੋੜੀ ਸ਼ਰਤ ਖਤਮ ਕਰਵਾਉਣ ਅਤੇ ਦੋ ਸਾਲਾਂ ਵਿਚ ਤਿੰਨ ਵਾਰ ਕੁਲੈਕਟਰ ਰੇਟ ਵਧਾਉਣ ਦੇ ਰੋਸ ਵਜੋਂ ਲਗਾਤਾਰ ਰੋਸ ਧਰਨਾ ਦਿੱਤਾ ਜਾ ਰਿਹਾ ਹੈ। ਧਰਨੇ ਦੇ ਸੱਤਵੇਂ ਦਿਨ ਅੱਜ ਫਿਰੋਜ਼ਪੁਰ ਲੋਕ ਸਭਾ ਹਲਕੇ ਤੋਂ ਮੈਂਬਰ ਪਾਰਲੀਮੈਂਟ ਸ਼ੇਰ ਸਿੰਘ ਘੁਬਾਇਆ ਦੇਰ ਸ਼ਾਮ ਸ਼ਾਮਿਲ ਹੋਏ। ਉਨ੍ਹਾਂ ਆਪਣੇ ਸੰਬੋਧਨ ਵਿਚ ਕਿਹਾ ਕਿ ਬਦਲਾਅ ਦੇ ਨਾਂਅ ਉਤੇ ਪੰਜਾਬੀਆਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਲਿਆਂਦੀ ਪਰ ਹੁਣ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਤੋਂ ਹਰ ਵਰਗ ਨਿਰਾਸ਼ ਹੈ।

## ਕਿਸਾਨ ਜਥੇਬੰਦੀਆਂ ਦੇ ਧਰਨੇ ਕਾਰਨ ਕਈ ਰੇਲ ਗੱਡੀਆਂ ਪ੍ਰਭਾਵਿਤ ਯਾਤਰੀ ਪ੍ਰੇਸ਼ਾਨ




ਜਲੰਧਰ, ਵਿਸ਼ਾਲ ਸ਼ੈਲੀ-- ਕਿਸਾਨ ਜਥੇਬੰਦੀਆਂ ਵੱਲੋਂ ਕੇਂਦਰ ਤੇ ਸੂਬਾ ਸਰਕਾਰ ਖ਼ਿਲਾਫ਼ ਰੋਸ ਹੈ ਤੇ ਉਹ ਫਸਲਾਂ ਦੀ ਕਾਨੂੰਨੀ ਗਾਰੰਟੀ ਤੇ ਹੋਰ ਮੰਗਾਂ ਲਈ ਪ੍ਰਦਰਸ਼ਨ ਕਰ ਰਹੇ ਹਨ। ਕਿਸਾਨੀ ਧਰਨਿਆਂ ਦੇ ਸੱਦੇ ਤੋਂ ਬਾਅਦ ਚੰਡੀਗੜ੍ਹ ਰੇਲਵੇ ਸਟੇਸ਼ਨ ਤੋਂ ਸ਼ਤਾਬਦੀ ਰੇਲ ਗੱਡੀ (12046) ਦੋ ਘੰਟੇ ਦੇਰੀ ਨਾਲ ਰਵਾਨਾ ਹੋਈ। ਇਸ ਮੌਕੇ ਧਰਨਾਕਾਰੀ ਕਿਸਾਨਾਂ ਨੇ ਲਾਲੜੂ ਨੇੜੇ ਰੇਲਵੇ ਟਰੈਕ ਜਾਮ ਕਰ ਦਿੱਤਾ। ਚੰਡੀਗੜ੍ਹ ਤੋਂ ਸ਼ਤਾਬਦੀ ਦੁਪਹਿਰ 12.05 ਵਜੇ ਚਲਣੀ ਸੀ ਪਰ ਲਾਲੜੂ ਨੇੜੇ ਕਿਸਾਨਾਂ ਦੀ ਨਾਕਾਬੰਦੀ ਕਾਰਨ ਰੇਲਗੱਡੀ ਨੂੰ ਦੁਪਹਿਰ 2.05 ਵਜੇ ਰਵਾਨਾ ਕੀਤਾ ਗਿਆ। ਰੇਲਵੇ ਦੇ ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਕਿਸਾਨਾਂ ਦੇ ਪ੍ਰਦਰਸ਼ਨ ਕਾਰਨ 20 ਰੇਲ ਗੱਡੀਆਂ ਪ੍ਰਭਾਵਿਤ ਹੋਈਆਂ ਹਨ

## ਪੰਚਾਇਤੀ ਚੋਣਾਂ ਦਾ ਪ੍ਰਚਾਰ ਬੰਦ ਕੱਲ੍ਹ ਪੈਣਗੀਆਂ ਵੋਟਾਂ



ਚੰਡੀਗੜ੍ਹ, ਵਿਨੋਦ ਸ਼ਰਮਾ--ਪੰਚਾਇਤ ਚੋਣਾਂ ਲਈ ਚੋਣ ਪ੍ਰਚਾਰ ਸ਼ਾਮ ਛੇ ਵਜੇ ਬੰਦ ਹੋ ਗਿਆ ਹੈ। ਵੋਟਾਂ 15 ਅਕਤੂਬਰ ਨੂੰ ਸਵੇਰ ਅੱਠ ਵਜੇ ਤੋਂ ਸ਼ਾਮ ਚਾਰ ਵਜੇ ਤੱਕ ਪੈਣਗੀਆਂ। ਚੋਣ ਪ੍ਰਸ਼ਾਸਨ ਵੱਲੋਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਪੰਜਾਬ ਵਿਚ ਕੁੱਲ 13,237 ਸਰਪੰਚ ਅਤੇ 83,427 ਪੰਚ ਚੁਣੇ ਜਾਣੇ ਹਨ। ਹਾਲਾਂਕਿ, ਸੂਬੇ ਵਿਚ 3798 ਸਰਪੰਚ ਅਤੇ 48,861 ਪੰਚ ਸਰਬਸੰਮਤੀ ਨਾਲ ਚੁਣੇ ਜਾ ਚੁੱਕੇ ਹਨ। ਇਸ ਸਮੇਂ ਸਰਪੰਚੀ ਲਈ 25,588 ਅਤੇ ਪੰਚੀ ਲਈ 80,598 ਉਮੀਦਵਾਰ ਚੋਣ ਮੈਦਾਨ ਵਿਚ ਹਨ। ਸੂਬੇ ਵਿਚ 1,33,97,922 ਵੋਟਰ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕਰਨਗੇ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਮੁੰਬਈ ਚ NCP ਨੇਤਾ ਬਾਬਾ ਸਿੱਦੀਕੀ ਦੀ ਗੋਲੀਆਂ ਮਾਰ ਕੀਤੀ ਹੱਤਿਆ, ਪੁਲਿਸ ਨੇ 2 ਨੂੰ ਕੀਤਾ ਗ੍ਰਿਫਤਾਰ, ਲਾਰੈਂਸ ਗੈਂਗ ਦੇ ਸ਼ਾਮਲ ਹੋਣ...

ਐਨਸੀਪੀ ( ਲੋਕ ਬਾਣੀ) (ਅਜੀਤ ਧੜੇ) ਦੇ ਆਗੂ ਅਤੇ ਮਹਾਰਾਸ਼ਟਰ ਸਰਕਾਰ ਦੇ ਸਾਬਕਾ ਮੰਤਰੀ ਬਾਬਾ ਸਿੱਦੀਕੀ ਦੀ ਸ਼ਨੀਵਾਰ ਦੇਰ ਰਾਤ ਅਣਪਛਾਤੇ ਹਮਲਾਵਰਾਂ ਨੇ ਗੋਲੀਆਂ ਮਾਰ ਕੇ ਹੱਤਿਆ ਕੀਤੀ ਹੈ।ਡਾਕਟਰਾਂ ਵੱਲੋਂ ਆਗੂ ਦੀ ਲਾਸ਼ ਦਾ ਪੋਸਟਮਾਰਟਮ ਮੁੰਬਈ ਦੇ ਕੂਪਰ ਹਸਪਤਾਲ ਵਿੱਚ ਚੱਲ ਰਿਹਾ ਹੈ। ਸਵੇਰੇ ਸਾਢੇ ਸੱਤ ਵਜੇ ਤੋਂ 5 ਡਾਕਟਰਾਂ ਦੀ ਟੀਮ ਪੋਸਟਮਾਰਟਮ ਕਰ ਰਹੀ ਹੈ। ਸਾਰੀ ਪ੍ਰਕਿਰਿਆ ਦੀ ਵੀਡੀਓਗ੍ਰਾਫੀ ਕੀਤੀ ਜਾ ਰਹੀ ਹੈ।

ਦੱਸ ਦੇਈਏ ਕਿ ਬਾਂਦਰਾ ਵਿੱਚ ਖੇਰ ਵਾੜੀ ਸਿਗਨਲ ਨੇੜੇ ਸ਼ਨੀਵਾਰ ਰਾਤ ਕਰੀਬ 9.30 ਵਜੇ ਆਪਣੇ ਬੇਟੇ ਅਤੇ ਕਾਂਗਰਸੀ ਵਿਧਾਇਕ ਜੀਸ਼ਾਨ ਸਿੱਦੀਕੀ ਦੇ ਦਫਤਰ ਤੋਂ ਬਾਹਰ ਨਿਕਲੇ ਸਨ। ਇਸ ਤੋਂ ਬਾਅਦ ਤਿੰਨ ਸ਼ੂਟਰ ਇੱਕ ਆਟੋ ਤੋਂ ਬਾਹਰ ਆਏ ਅਤੇ ਗੋਲੀਬਾਰੀ ਸ਼ੁਰੂ ਕਰ ਦਿੱਤੀ। ਤਿੰਨਾਂ ਨੇ ਮੂੰਹ ਤੇ ਰੁਮਾਲ ਬੰਨ੍ਹੇ ਹੋਏ ਸਨ। ਉਨ੍ਹਾਂ ਨੇ ਦੋ ਬੰਦੂਕਾਂ ਤੋਂ 6 ਰਾਊਂਡ ਫਾਇਰ ਕੀਤੇ।

ਬਾਬਾ ਨੂੰ ਤਿੰਨ ਗੋਲੀਆਂ ਲੱਗੀਆਂ। 2 ਗੋਲੀਆਂ ਉਸ ਦੇ ਪੇਟ ਅਤੇ 1 ਛਾਤੀ ਤੇ ਲੱਗੀਆਂ। ਦੋ ਗੋਲੀਆਂ ਉਸ ਦੀ ਕਾਰ ਨੂੰ ਵੀ ਲੱਗੀਆਂ। ਬਾਬੇ ਦੇ ਨਾਲ ਮੌਜੂਦ ਵਿਅਕਤੀ ਦੀ ਲੱਤ ਵਿੱਚ ਵੀ ਗੋਲੀ ਲੱਗੀ ਹੈ। ਬਾਬਾ ਨੂੰ ਤੁਰੰਤ ਲੀਲਾਵਤੀ ਹਸਪਤਾਲ ਚ ਭਰਤੀ ਕਰਵਾਇਆ ਗਿਆ, ਜਿੱਥੇ ਰਾਤ 11.27 ਤੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਬਾਬਾ ਨੂੰ ਸ਼ਨੀਵਾਰ ਰਾਤ ਮੁੰਬਈ ਦੇ ਬਾਂਦਰਾ ਇਲਾਕੇ ਦੇ ਖੇਰ ਨਗਰ ਚ ਉਨ੍ਹਾਂ ਦੇ ਵਿਧਾਇਕ ਪੁੱਤਰ ਜੀਸ਼ਾਨ ਸਿੱਦੀਕੀ ਦੇ ਦਫਤਰ ਦੇ ਬਾਹਰ ਤਿੰਨ ਲੋਕਾਂ ਨੇ ਗੋਲੀ ਮਾਰ ਦਿੱਤੀ ਸੀ। ਉਨ੍ਹਾਂ ਨੂੰ ਅੱਜ ਰਾਤ 8:30 ਵਜੇ ਮਰੀਨ ਲਾਈਨ ਸਟੇਸ਼ਨ ਦੇ ਸਾਹਮਣੇ ਵੱਡਾ ਕਬਰਿਸਤਾਨ ਵਿਖੇ ਸਸਕਾਰ ਕੀਤਾ ਜਾਵੇਗਾ।

ਮੁੰਬਈ ਪੁਲਸ ਨੇ 3 ਸ਼ੂਟਰਾਂ ਚੋਂ 2 ਨੂੰ ਗ੍ਰਿਫਤਾਰ ਕਰ ਲਿਆ ਹੈ। ਉਨ੍ਹਾਂ ਨੇ ਦੱਸਿਆ ਕਿ ਉਹ ਪਿਛਲੇ ਦੋ ਮਹੀਨਿਆਂ ਤੋਂ ਬਾਬੇ ਦੇ ਘਰ ਅਤੇ ਪੁੱਤਰ ਦੇ ਦਫ਼ਤਰ ਦੀ ਰੇਕੀ ਕਰ ਰਹੇ ਸੀ। ਤਿੰਨੋਂ ਮੁਲਜ਼ਮ ਆਟੋ ਰਿਕਸ਼ਾ ਰਾਹੀਂ ਗੋਲੀਬਾਰੀ ਵਾਲੀ ਥਾਂ (ਜਿੱਥੇ ਗੋਲੀ ਚੱਲੀ ਸੀ) ਪੁੱਜੇ ਸਨ।



ਸੂਤਰਾਂ ਮੁਤਾਬਕ ਇਸ ਘਟਨਾ ਪਿੱਛੇ ਗੈਂਗਸਟਰ ਲਾਰੈਂਸ ਗੈਂਗ ਦਾ ਹੱਥ ਹੋਣ ਦਾ ਸ਼ੱਕ ਹੈ। ਲਾਰੈਂਸ ਗੈਂਗ ਦਾ ਨਾਂ ਸਾਹਮਣੇ ਆਉਣ ਤੋਂ ਬਾਅਦ ਅਦਾਕਾਰ ਸਲਮਾਨ ਖਾਨ ਦੇ ਬਾਂਦਰਾ ਸਥਿਤ ਗਲੈਕਸੀ ਅਪਾਰਟਮੈਂਟ ਦੇ ਬਾਹਰ ਸੁਰੱਖਿਆ ਵਧਾ ਦਿੱਤੀ ਗਈ ਹੈ। ਪੁਲੀਸ ਦੀ ਵਾਧੂ ਟੀਮ ਤਾਇਨਾਤ ਕੀਤੀ ਗਈ ਹੈ। ਲਾਰੈਂਸ ਗੈਂਗ ਨੇ 14 ਅਪ੍ਰੈਲ ਨੂੰ ਸਲਮਾਨ ਦੇ ਘਰ ਦੇ ਬਾਹਰ ਗੋਲੀਬਾਰੀ ਕੀਤੀ ਸੀ।

# ਹਰਿਆਣੇ ਚ 16 ਅਕਤੂਬਰ ਨੂੰ ਭਾਜਪਾ ਨੇ ਵਿਧਾਇਕ ਦਲ ਦੀ ਸੱਦੀ ਮੀਟਿੰਗ, ਬੈਠਕ ਚ ਵਿਧਾਇਕ ਦਲ ਦੇ ਨੇਤਾ ਦੀ ਹੋਵੇਗੀ ਚੋਣ




ਚੰਡੀਗੜ੍ਹ-( ਲੋਕ ਬਾਣੀ) ਹਰਿਆਣਾ ਵਿੱਚ ਭਾਜਪਾ ਨੇ 16 ਅਕਤੂਬਰ ਨੂੰ ਚੰਡੀਗੜ੍ਹ ਵਿੱਚ ਵਿਧਾਇਕ ਦਲ ਦੀ ਮੀਟਿੰਗ ਬੁਲਾਈ ਹੈ। ਮੀਟਿੰਗ ਵਿੱਚ ਵਿਧਾਇਕ ਦਲ ਦੇ ਨੇਤਾ ਦੀ ਚੋਣ ਕੀਤੀ ਜਾਵੇਗੀ। ਮੀਟਿੰਗ ਵਿੱਚ ਵਿਧਾਇਕਾਂ ਤੋਂ ਇਲਾਵਾ ਕੇਂਦਰੀ ਅਬਜ਼ਰਵਰ ਵੀ ਮੌਜੂਦ ਰਹਿਣਗੇ। ਕੇਂਦਰੀ ਲੀਡਰਸ਼ਿਪ ਜਲਦੀ ਹੀ ਇਸ ਲਈ ਅਬਜ਼ਰਵਰ ਨਿਯੁਕਤ ਕਰੇਗੀ।

ਕਾਰਜਕਾਰੀ ਮੁੱਖ ਮੰਤਰੀ ਨਾਇਬ ਸੈਣੀ ਦਾ ਵਿਧਾਇਕ ਦਲ ਦਾ ਨੇਤਾ ਚੁਣਿਆ ਜਾਣਾ ਤੈਅ ਹੈ। ਇਸ ਤੋਂ ਬਾਅਦ ਉਹ ਰਾਜਪਾਲ ਦੇ ਸਾਹਮਣੇ ਸਰਕਾਰ ਬਣਾਉਣ ਦਾ ਦਾਅਵਾ ਪੇਸ਼ ਕਰਨਗੇ।

ਨਵੇਂ ਮੁੱਖ ਮੰਤਰੀ 17 ਅਕਤੂਬਰ ਨੂੰ ਪੰਚਕੂਲਾ ਦੇ ਪਰੇਡ ਗਰਾਊਂਡ ਵਿੱਚ ਸਹੁੰ ਚੁੱਕਣਗੇ। ਇਸ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਭਾਜਪਾ ਸ਼ਾਸਤ ਰਾਜਾਂ ਦੇ ਮੁੱਖ ਮੰਤਰੀ ਵੀ ਸ਼ਿਰਕਤ ਕਰਨਗੇ।

ਭਾਜਪਾ ਦੇ ਸੂਬਾ ਪ੍ਰਧਾਨ ਮੋਹਨ ਲਾਲ ਬਰੋਲੀ ਨੇ ਸਾਰੇ ਵਿਧਾਇਕਾਂ ਨੂੰ 16 ਅਤੇ 17 ਅਕਤੂਬਰ ਨੂੰ ਚੰਡੀਗੜ੍ਹ ਵਿੱਚ ਹਾਜ਼ਰ ਹੋਣ ਲਈ ਕਿਹਾ ਹੈ। ਸਾਰੇ ਵਿਧਾਇਕਾਂ ਦੇ ਰਹਿਣ ਦਾ ਇੰਤਜ਼ਾਮ ਐਮਐਲਏ ਹੋਸਟਲ ਵਿੱਚ ਕੀਤਾ ਗਿਆ ਹੈ।

# ਪੰਜਾਬ ਚ ਅੱਜ ਸਫ਼ਰ ਕਰਨ ਵਾਲੇ ਲੋਕ ਪਹਿਲਾ ਪੜ੍ਹ ਲੈਣ ਇਹ ਖ਼ਬਰ ! ਨਹੀਂ ਤਾਂ ਕਰਨਾ ਪਵੇਗਾ ਪ੍ਰੇਸ਼ਾਨੀਆਂ ਦਾ ਸਾਹਮਣਾ

ਚੰਡੀਗੜ੍ਹ ( ਲੋਕ ਬਾਣੀ)- ਅੱਜ ਪੰਜਾਬ ਦੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ, ਕਿਉਂਕਿ ਐਤਵਾਰ ਨੂੰ ਪੂਰੇ ਸੂਬੇ ਚ ਕਿਸਾਨਾਂ ਵੱਲੋਂ ਮੁੱਖ ਸੜਕਾਂ ਬੰਦ ਕਰਨ ਦੀ ਚਿਤਾਵਨੀ ਦਿੱਤੀ ਗਈ ਹੈ। ਇਹ ਚਿਤਾਵਨੀ ਕਿਸਾਨ ਜੱਥੇਬੰਦੀਆ, ਕਮਿਸ਼ਨ ਏਜੰਟਾਂ ਅਤੇ ਮਿੱਲ ਮਾਲਕਾਂ ਵੱਲੋਂ ਦਿੱਤੀ ਗਈ ਹੈ।

ਸੰਯੁਕਤ ਕਿਸਾਨ ਮੋਰਚਾ (ਐਸ.ਕੇ.ਐਮ.) ਦੀ ਅਗਵਾਈ ਹੇਠ ਸ਼ੁੱਕਰਵਾਰ ਨੂੰ ਕਿਸਾਨ ਭਵਨ ਚੰਡੀਗੜ੍ਹ ਵਿਖੇ ਕਿਸਾਨ ਜਥੇਬੰਦੀਆਂ, ਕਮਿਸ਼ਨ ਏਜੰਟਾਂ, ਮਜ਼ਦੂਰਾਂ ਅਤੇ ਮਿੱਲਰ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਸੱਦੀ ਗਈ। ਉਨ੍ਹਾਂ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ। ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ ਨੇ ਦੱਸਿਆ ਕਿ ਐਸ.



ਕੇ.ਐਮ ਦੇ ਬੈਨਰ ਹੇਠ ਸੂਬੇ ਦੇ ਕਿਸਾਨ, ਮੰਡੀ ਮੁਲਾਜ਼ਮ, ਕਮਿਸ਼ਨ ਏਜੰਟ ਅਤੇ ਮਿੱਲ ਮਾਲਕ 13 ਅਕਤੂਬਰ ਨੂੰ ਦੁਪਹਿਰ 12 ਤੋਂ 3 ਵਜੇ ਤੱਕ ਸੜਕਾਂ ਜਾਮ ਕਰਨਗੇ। ਸੂਬੇ ਦੀਆਂ ਸਾਰੀਆਂ ਪ੍ਰਮੁੱਖ ਸੜਕਾਂ, ਸ਼ਹਿਰਾਂ ਅਤੇ ਪੇਂਡੂ ਖੇਤਰਾਂ ਵਿੱਚ ਜਾਮ ਲਗਾ ਕੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਜੇਕਰ ਜਲਦੀ ਹੀ ਝੋਨੇ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨਾ ਯਕੀਨੀ ਨਾ ਬਣਾਇਆ ਗਿਆ ਤਾਂ 14 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਹੋਣ ਵਾਲੀ ਮੀਟਿੰਗ ਵਿੱਚ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ।

ਦੱਸ ਦੇਈਏ ਕਿ ਇਸ ਤੋਂ ਪਹਿਲਾਂ ਵੀ ਕਿਸਾਨਾਂ ਨੇ ਰੇਲ ਰੋਕੋ ਅੰਦੋਲਨ ਸ਼ੁਰੂ ਕੀਤਾ ਸੀ। ਕਿਸਾਨਾਂ ਨੇ ਪੂਰੇ ਸੂਬੇ ਵਿੱਚ ਰੇਲ ਪਟੜੀਆਂ 'ਤੇ ਧਰਨਾ ਦੇ ਕੇ ਰੇਲਾਂ ਦੀ ਆਵਾਜਾਈ ਰੋਕ ਦਿੱਤੀ ਸੀ। ਦੋ ਘੰਟੇ ਰੇਲ ਗੱਡੀਆਂ ਰੋਕੀਆਂ ਗਈਆਂ। ਇਸ ਦੌਰਾਨ ਰੇਲਵੇ ਯਾਤਰੀਆਂ ਨੂੰ ਕਾਫੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ।

# ਹਰਿਆਣਾ ਦੇ ਮੁੱਖ ਮੰਤਰੀ ਨਾਲ 10 ਮੰਤਰੀਆਂ ਦੀ ਸਹੁੰ ਚੁੱਕਣ ਦੀ ਸੰਭਾਵਨਾ, 2 ਤੋਂ 3 ਮਹਿਲਾਵਾਂ ਵੀ ਸ਼ਾਮਲ



ਚੰਡੀਗੜ੍ਹ-( ਲੋਕ ਬਾਣੀ) ਹਰਿਆਣਾ ਵਿੱਚ ਭਾਰਤੀ ਜਨਤਾ ਪਾਰਟੀ (ਭਾਜਪਾ) ਨੂੰ ਪੂਰਨ ਬਹੁਮਤ ਮਿਲਣ ਤੋਂ ਬਾਅਦ ਸਰਕਾਰ ਬਣਾਉਣ ਦੀਆਂ ਕੋਸ਼ਿਸ਼ਾਂ ਸ਼ੁਰੂ ਹੋ ਗਈਆਂ ਹਨ। ਸਹੁੰ ਚੁੱਕ ਸਮਾਗਮ ਦਾ ਸਮਾਂ ਅਤੇ ਸਥਾਨ ਤੈਅ ਹੋਣ ਤੋਂ ਬਾਅਦ ਹੁਣ ਕੈਬਨਿਟ ਦੀ ਚਰਚਾ ਜ਼ੋਰ ਫੜ ਗਈ ਹੈ। ਸਹੁੰ ਚੁੱਕ ਸਮਾਗਮ 17 ਅਕਤੂਬਰ ਨੂੰ ਹੋਵੇਗਾ। ਸੂਤਰਾਂ ਮੁਤਾਬਕ ਮੁੱਖ ਮੰਤਰੀ ਦੇ ਨਾਲ 10 ਮੰਤਰੀ ਸਹੁੰ ਚੁੱਕ ਸਕਦੇ ਹਨ। ਇਸ ਤੋਂ ਇਲਾਵਾ ਇਸ ਵਾਰ ਮੰਤਰੀ ਮੰਡਲ ਵਿਚ ਔਰਤਾਂ ਦੀ ਗਿਣਤੀ 2 ਤੋਂ 3 ਹੋ ਸਕਦੀ ਹੈ।

ਮੰਤਰੀ ਮੰਡਲ ਚ ਮਹਿਲਾਵਾਂ ਦੇ ਨਾਲ ਜਾਤੀ ਅਤੇ ਖੇਤਰੀ ਸਮੀਕਰਨ ਤੇ ਧਿਆਨ ਦਿੱਤਾ ਜਾਵੇਗਾ। ਇਸ ਤੋਂ ਇਲਾਵਾ 2 ਤੋਂ 3 ਮੰਤਰੀ ਦੇ ਅਹੁਦੇ ਖੁੱਲ੍ਹੇ ਰੱਖੇ ਜਾਣਗੇ, ਜੋ ਬਾਅਦ ਵਿਚ ਭਰੇ ਜਾਣਗੇ। ਚੋਣ ਪ੍ਰਚਾਰ ਦੌਰਾਨ ਪਾਰਟੀ ਲਾਈਨ ਤੋਂ ਬਾਹਰ ਜਾ ਕੇ ਬਿਆਨਬਾਜ਼ੀ ਕਰਨ ਵਾਲੇ ਵਿਧਾਇਕਾਂ ਨੂੰ ਮੰਤਰੀ ਮੰਡਲ ਵਿੱਚ ਸ਼ਾਮਲ ਨਹੀਂ ਕੀਤਾ ਜਾਵੇਗਾ।


# ਚੰਡੀਗੜ੍ਹ- ਅੱਧੀ ਰਾਤ ਨੂੰ ਨਸ਼ਾ ਸਪਲਾਈ ਕਰਨ ਜਾ ਰਿਹਾ ਤਸਕਰ ਗ੍ਰਿਫਤਾਰ, ਹੈਰੋਇਨ ਵੀ ਬਰਾਮਦ

ਚੰਡੀਗੜ੍ਹ ( ਲੋਕ ਬਾਣੀ) ਪੁਲਿਸ ਨੇ ਚੰਡੀਗੜ੍ਹ ਸ਼ਹਿਰ ਦੀ ਸੁਰੱਖਿਆ ਵਿਵਸਥਾ ਨੂੰ ਮਜ਼ਬੂਤ ਕਰਨ ਅਤੇ ਨਸ਼ਾ ਤਸਕਰਾਂ ਦੀਆਂ ਗਤੀਵਿਧੀਆਂ ਨੂੰ ਨੱਥ ਪਾਉਣ ਲਈ ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕੀਤਾ ਹੈ। ਫੜੇ ਗਏ ਮੁਲਜ਼ਮਾਂ ਕੋਲੋਂ 44.73 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਫੜੇ ਗਏ ਮੁਲਜ਼ਮ ਦੀ ਪਛਾਣ ਦੀਪਕ ਉਰਫ ਦੀਪ ਵਾਸੀ ਸੈਕਟਰ-49 ਚੰਡੀਗੜ੍ਹ ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਅੱਧੀ ਰਾਤ ਨੂੰ ਅਪਰੇਸ਼ਨ ਸੈੱਲ ਦੀ ਟੀਮ ਨੇ ਦੀਪਕ ਕੁਮਾਰ ਨੂੰ ਬਿਜਲੀ ਦੇ ਖੰਭੇ ਨੰਬਰ 13, ਐਡਵੋਕੇਟ ਐਨਕਲੇਵ, ਸੈਕਟਰ-49 ਨੇੜੇ ਸ਼ੱਕੀ ਗਤੀਵਿਧੀਆਂ ਕਾਰਨ ਰੋਕਿਆ। ਤਲਾਸ਼ੀ ਦੌਰਾਨ ਉਸ ਕੋਲੋਂ ਹੈਰੋਇਨ ਬਰਾਮਦ ਹੋਈ, ਜਿਸ ਨੂੰ ਤੁਰੰਤ ਜ਼ਬਤ ਕਰ ਲਿਆ ਗਿਆ। ਇਸ ਸਬੰਧੀ ਦੀਪਕ ਦੇ ਖਿਲਾਫ ਧਾਰਾ 21 ਐਨ. ਡੀ.ਪੀ.ਐਸ ਐਕਟ ਅਧੀਨ ਥਾਣਾ 49 ਚੰਡੀਗੜ੍ਹ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ।ਗ੍ਰਿਫਤਾਰੀ ਤੋਂ ਤੁਰੰਤ ਬਾਅਦ ਦੀਪਕ ਨੂੰ ਤਰੁਣ ਕੁਮਾਰ, ਜੇਐਮਆਈਸੀ (ਡਿਊਟੀ ਮੈਜਿਸਟਰੇਟ) ਦੇ ਸਾਹਮਣੇ ਪੇਸ਼ ਕੀਤਾ ਗਿਆ। ਅਦਾਲਤ ਨੇ ਉਸ ਨੂੰ 2 ਦਿਨ ਦੇ ਪੁਲਿਸ ਰਿਮਾਂਡ ਤੇ ਭੇਜ ਦਿੱਤਾ ਹੈ। ਪੁਲਸ ਹੁਣ ਇਸ ਮਾਮਲੇ ਚ ਹੋਰ



ਜਾਣਕਾਰੀ ਹਾਸਲ ਕਰਨ ਅਤੇ ਹੋਰ ਸੰਭਾਵਿਤ ਸਾਥੀਆਂ ਦਾ ਪਤਾ ਲਗਾਉਣ ਲਈ ਉਸ ਕੋਲੋਂ ਪੁੱਛਗਿੱਛ ਕਰ ਰਹੀ ਹੈ।

# ਜਨਮਦਿਨ ਦੀਆਂ ਮੁਬਾਰਕਾਂ



ਰੋਜ਼ਾਨਾ ਲੋਕ ਬਾਣੀ
www.lokbani

ਅਦਾਰਾ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਵਲੋਂ ਗੁਰਸਿਰਤ ਕੌਰ ਨੂੰ ਜਨਮਦਿਨ ਦੀਆਂ ਮੁਬਾਰਕਾਂ

# ਪੰਜਾਬ ਦੇ ਨਵੇਂ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਦੁਰਗਾਨਾ ਮੰਦਿਰ ਵਿਖੇ ਹੋਏ ਨਤਮਸਤਕ



ਅੰਮ੍ਰਿਤਸਰ, ( ਲੋਕ ਬਾਣੀ)- ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਅੱਜ ਅੰਮ੍ਰਿਤਸਰ ਵਿਖੇ ਸ੍ਰੀ ਦਰਬਾਰ ਸਾਹਿਬ ਤੇ ਦੁਰਗਿਆਣਾ ਮੰਦਿਰ ਵਿਖੇ ਮੱਥਾ ਟੇਕਿਆ। ਸ੍ਰੀ ਦਰਬਾਰ ਸਾਹਿਬ ਵਿਖੇ ਅਕੀਦਤ ਭੇਂਟ ਕਰਨ ਉਪਰੰਤ ਮੁੱਖ ਸਕੱਤਰ ਸ੍ਰੀ ਸਿਨਹਾ ਨੇ ਪਵਿੱਤਰ ਅਸਥਾਨ ਦੁਆਲੇ ਪਰਿਕਰਮਾ ਕੀਤੀ ਅਤੇ ਰੱਬੀ ਬਾਣੀ ਦਾ ਇਲਾਹੀ ਕੀਰਤਨ ਸਰਵਣ ਕੀਤਾ। ਇਸ ਉਪਰੰਤ ਉਨ੍ਹਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸੂਚਨਾ ਦਫ਼ਤਰ ਵਿਖੇ ਸਨਮਾਨਤ ਕੀਤਾ ਗਿਆ।ਦੁਰਗਿਆਣਾ ਮੰਦਿਰ ਵਿਖੇ ਨਤਮਸਤਕ ਹੋਣ ਉਪਰੰਤ ਮੰਦਿਰ ਕਮੇਟੀ ਵੱਲੋਂ ਵੀ ਮੁੱਖ ਸਕੱਤਰ ਨੂੰ ਸਨਮਾਨਤ ਕੀਤਾਮੁੱਖ ਸਕੱਤਰ ਸ੍ਰੀ ਸਿਨਹਾ ਨੇ ਕਿਹਾ ਕਿ ਨਵੇਂ ਅਹੁਦੇ ਦੀ ਜ਼ਿੰਮੇਵਾਰੀ ਸੰਭਾਲਣ ਤੋਂ ਬਾਅਦ ਉਹ ਸ਼ੁਕਰਾਨੇ ਅਤੇ ਸੂਬਾ ਵਾਸੀਆਂ ਦੀ ਸੇਵਾਵਾਂ ਕਰਨ ਲਈ ਗੁਰੂ ਘਰ ਤੋਂ ਆਸ਼ੀਰਵਾਦ ਲੈਣ ਆਏ ਹਨ। ਉਨ੍ਹਾਂ ਕਿਹਾ ਕਿ ਪ੍ਰਮਾਤਮਾ ਤੋਂ ਆਸ਼ੀਰਵਾਦ ਲਿਆ ਕਿ ਉਹ ਪੰਜਾਬ ਦੇ ਲੋਕਾਂ ਦੀ ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਸੇਵਾ ਕਰ ਸਕਣ। ਇਸ ਮੌਕੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸਾਕਸ਼ੀ ਸਾਹਨੀ, ਐਸ.ਡੀ.ਐਮ. ਮਨਕੰਵਲ ਸਿੰਘ ਚਹਿਲ ਤੇ ਡੀ.ਸੀ.ਪੀ. ਹਰਪ੍ਰੀਤ ਸਿੰਘ ਮੰਡੇਰ ਵੀ ਹਾਜ਼ਰ ਸਨ

# ਝੋਨੇ ਦੀ ਖਰੀਦ ਅਤੇ ਚੁਕਾਈ ਦੇ ਮਸਲੇ ਨੂੰ ਲੈ ਕੇ ਭਾਕਿਯੂ ਵੱਲੋਂ ਅੱਜ ਪੰਜਾਬ ਦੇ 17 ਜ਼ਿਲ੍ਹਿਆਂ ਵਿੱਚ 12 ਤੋਂ 3 ਵਜੇ ਤੱਕ ਲਾਏ ਗਏ

ਚੰਡੀਗੜ੍ਹ ( ਲੋਕ ਬਾਣੀ)- ਪੰਜਾਬ ਦੀਆਂ ਮੰਡੀਆਂ ਵਿੱਚ ਰੁਲ ਰਹੇ ਝੋਨੇ ਦੀ ਪੂਰੀ ਐੱਮ ਐੱਸ ਪੀ ਤੇ ਖਰੀਦ ਅਤੇ ਨਾਲੋ ਨਾਲ ਚੁਕਾਈ ਦੇ ਦਿਨੋਂ ਦਿਨ ਵਿਗੜ ਰਹੇ ਮਸਲੇ ਦੇ ਹੱਲ ਲਈ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਵੱਲੋਂ ਅੱਜ ਪੰਜਾਬ ਦੇ 17 ਜ਼ਿਲ੍ਹਿਆਂ ਵਿੱਚ 12 ਤੋਂ 3 ਵਜੇ ਤੱਕ ਰੇਲਾਂ ਰੋਕੀਆਂ ਗਈਆਂ। ਇਹ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਦੱਸਿਆ ਕਿ ਬਟਾਲਾ (ਗੁਰਦਾਸਪੁਰ), ਸ਼ਾਹਕੋਟ (ਜਲੰਧਰ), ਬਠਿੰਡਾ ਜੰਕਸ਼ਨ, ਅਜੀਤਵਾਲ (ਮੋਗਾ), ਵੱਲਾ ਫਾਟਕ (ਅੰਮ੍ਰਿਤਸਰ), ਪੱਟੀ (ਤਰਨਤਾਰਨ), ਮਲੋਟ (ਮੁਕਤਸਰ), ਜਲਾਲਾਬਾਦ (ਫਾਜ਼ਿਲਕਾ), ਕੋਟਕਪੂਰਾ (ਫਰੀਦਕੋਟ), ਮਾਨਸਾ, ਧਬਲਾਨ (ਪਟਿਆਲਾ) ਸੁਨਾਮ (ਸੰਗਰੂਰ), ਮਲੇਰਕੋਟਲਾ, ਕਿਲਾ ਰਾਏਪੁਰ (ਲੁਧਿਆਣਾ) ਲਾਲੜੂ (ਮੋਹਾਲੀ), ਤਲਵੰਡੀ ਭਾਈ (ਫਿਰੋਜ਼ਪੁਰ) ਅਤੇ ਮੰਡਿਆਲਾ (ਹੁਸ਼ਿਆਰਪੁਰ) ਰੇਲਵੇ ਸਟੇਸ਼ਨਾਂ ਉੱਤੇ ਲਾਏ ਗਏ ਰੇਲ ਜਾਮ ਧਰਨਿਆਂ ਵਿੱਚ ਸੈਂਕੜੇ ਔਰਤਾਂ ਅਤੇ ਨੌਜਵਾਨਾਂ ਸਮੇਤ ਹਜ਼ਾਰਾਂ ਕਿਸਾਨ ਮਜ਼ਦੂਰ ਸ਼ਾਮਲ ਹੋਏ॥ ਵੱਖ ਵੱਖ ਥਾਵਾਂ ਤੇ ਸੰਬੋਧਨ ਕਰਨ ਵਾਲੇ ਮੁੱਖ ਬੁਲਾਰਿਆਂ ਵਿੱਚ ਝੰਡਾ ਸਿੰਘ ਜੇਠੂਕੇ, ਸ਼ਿੰਗਾਰਾ ਸਿੰਘ ਮਾਨ, ਹਰਦੀਪ ਸਿੰਘ ਟੱਲੇਵਾਲ, ਜਗਤਾਰ ਸਿੰਘ ਕਾਲਾਝਾੜ, ਜਨਕ ਸਿੰਘ ਭੁਟਾਲ, ਹਰਿੰਦਰ ਕੌਰ ਬਿੰਦੂ, ਕਮਲਜੀਤ ਕੌਰ ਬਰਨਾਲਾ ਅਤੇ ਜ਼ਿਲ੍ਹਾ ਬਲਾਕ ਪੱਧਰੇ ਆਗੂ




ਸ਼ਾਮਲ ਸਨ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਸੰਸਾਰ ਬੈਂਕ ਦੀ ਖੁੱਲ੍ਹੀ ਮੰਡੀ ਦੀ ਨੀਤੀ ਵੱਲ ਅੱਗੇ ਵਧਣ ਲਈ ਹੀ ਦੋਨਾਂ ਸਰਕਾਰਾਂ ਵੱਲੋਂ ਕਦਮਤਾਲ ਮਿਲਾ ਕੇ ਕਿਸਾਨਾਂ ਦੀ ਲਹੂ ਪਸੀਨੇ ਦੀ ਕਮਾਈ ਪੈਰਾਂ ਹੇਠ ਰੋਲ਼ੀ ਜਾ ਰਹੀ ਹੈ। ਪੰਜਾਬ ਭਰ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਝੋਨੇ ਦੀ ਸਮੇਂ ਸਿਰ ਖਰੀਦ ਅਤੇ ਚੁਕਾਈ ਦੀ ਗੰਭੀਰ ਬਣ ਚੁੱਕੀ ਸਮੱਸਿਆ ਦੇ ਹੱਲ ਲਈ ਵਾਰ ਵਾਰ ਕੀਤੀ ਜਾ ਰਹੀ ਮੰਗ ਨੂੰ ਦੋਨਾਂ ਸਰਕਾਰਾਂ ਵੱਲੋਂ ਲਗਾਤਾਰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਦੇਸ਼ ਦੇ ਅੰਨਦਾਤੇ ਨੂੰ ਮੰਡੀਆਂ ਵਿੱਚ ਖੱਜਲਖੁਆਰ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦੀ ਅਗਲੀ ਫ਼ਸਲ ਦੀ ਬਿਜਾਈ ਵਿੱਚ ਪਛੇਤ ਪਾਈ ਜਾ ਰਹੀ ਹੈ। ਬੁਲਾਰਿਆਂ ਨੇ ਇੱਕਸੁਰ ਹੋ ਕੇ ਮੰਗ ਕੀਤੀ ਕਿ ਝੋਨੇ ਦੀ ਖਰੀਦ ਅਤੇ ਚੁਕਾਈ ਦੇ ਪੁਖਤਾ ਪ੍ਰਬੰਧ ਤੁਰੰਤ ਕੀਤੇ ਜਾਣ। ਉਨ੍ਹਾਂ ਚਿਤਾਵਨੀ ਦਿੱਤੀ ਕਿ ਇਹ ਮੰਗ ਤੁਰੰਤ ਪੂਰੀ ਨਾ ਕਰਨ ਦੀ ਸੂਰਤ ਵਿੱਚ ਸਰਕਾਰਾਂ ਨੂੰ ਹੋਰ ਤਿੱਖੇ ਕਿਸਾਨ ਰੋਹ ਦਾ ਸਾਹਮਣਾ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ। ਉਨ੍ਹਾਂ ਵੱਲੋਂ ਫੌਰੀ ਸੱਦੇ ਨੂੰ ਭਰਵਾਂ ਹੁੰਗਾਰਾ ਭਰਨ ਲਈ ਰੇਲ ਜਾਮ ਧਰਨਿਆਂ ਵਿੱਚ ਭਾਰੀ ਗਿਣਤੀ ਵਿੱਚ ਸ਼ਾਮਲ ਹੋਣ ਵਾਲੇ ਕਿਸਾਨ ਮਜ਼ਦੂਰ ਭੈਣਾਂ ਭਰਾਵਾਂ ਦਾ ਧੰਨਵਾਦ ਕੀਤਾ ਅਤੇ ਇਸ ਸੰਘਰਸ਼ ਦੇ ਅਗਲੇ ਸੱਏ ਨੂੰ ਹੋਰ ਵੀ ਜੋਰ ਨਾਲ ਲਾਗੂ ਕਰਨ ਲਈ ਤਿਆਰ ਬਰ ਤਿਆਰ ਰਹਿਣ ਦੀ ਅਪੀਲ ਕੀਤੀ ਗਈ।

# ਲੁਧਿਆਣਾ-ਫਿਰੋਜ਼ਪੁਰ ਹਾਈਵੇਅ ਕਿਸਾਨਾਂ ਨੇ ਕੀਤਾ ਜਾਮ, ਸ਼ੈਲਰ ਮਾਲਕਾਂ ਨੇ ਕੀਤੀ ਨਾਅਰੇਬਾਜ਼ੀ

( ਲੋਕ ਬਾਣੀ) ਪੰਜਾਬ ਦੇ ਜਗਰਾਓਂ ਵਿੱਚ ਯੂਨਾਈਟਿਡ ਕਿਸਾਨ ਮੋਰਚਾ ਦੇ ਸੱਦੇ 'ਤੇ ਅਨਾਜ ਮੰਡੀਆਂ ਵਿੱਚ ਝੋਨੇ ਦੀ ਬੋਲੀ ਨਾ ਹੋਣ ਦੇ ਵਿਰੋਧ ਵਿੱਚ ਐਤਵਾਰ ਨੂੰ ਲੁਧਿਆਣਾ ਫਿਰੋਜ਼ਪੁਰ ਰੋਡ 'ਤੇ ਨਾਨਕਸਰ ਨੇੜੇ ਤਿੰਨ ਘੰਟੇ ਦਾ ਵਿਸ਼ਾਲ ਧਰਨਾ ਦਿੱਤਾ ਜਾ ਰਿਹਾ ਹੈ। ਕਿਸਾਨਾਂ ਤੇ ਸ਼ੈਲਰ ਮਾਲਕਾਂ ਨੇ ਸੂਬਾ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਹਾਈਵੇਅ ਜਾਮ ਕਰ ਦਿੱਤਾ। ਧਰਨੇ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ, ਜਮਹੂਰੀ ਕਿਸਾਨ ਸਭਾ, ਆੜ੍ਹਤੀਆ ਐਸੋਸੀਏਸ਼ਨ ਜਗਰਾਉਂ, ਮੁਨੀਮ ਯੂਨੀਅਨ, ਗੱਲਾ ਮਜ਼ਦੂਰ ਯੂਨੀਅਨ ਅਤੇ ਸ਼ੈਲਰ ਆਨਰ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੇ ਵੀ ਸ਼ਮੂਲੀਅਤ ਕੀਤੀ।ਉਨ੍ਹਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਨੂੰ ਆਪਣੇ ਸਮੇਂ ਦੀ ਸਭ ਤੋਂ ਨਿਕੰਮੀ ਸਰਕਾਰ ਦੱਸਦਿਆਂ ਕਿਹਾ ਕਿ ਪਹਿਲਾਂ ਵੀ ਮੰਡੀਆਂ ਚ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਸਨ ਪਰ ਅਸਲੀਅਤ ਇਹ ਹੈ ਕਿ 12 ਦਿਨ ਬੀਤ ਜਾਣ ਤੇ ਵੀ ਝੋਨੇ ਦੀ ਖਰੀਦ ਸ਼ੁਰੂ ਨਹੀਂ ਹੋਈ ਹੈ।ਉਨ੍ਹਾਂ ਕਿਹਾ ਕਿ ਮੋਦੀ ਅਤੇ ਮਾਨ ਇੱਕੋ ਸਿੱਕੇ ਦੇ ਦੋ ਪਹਿਲੂ ਹਨ। ਸ਼ੈਲਰ ਮਾਲਕ ਪਿਛਲੇ 6 ਮਹੀਨਿਆਂ ਤੋਂ ਸ਼ੈਲਰ ਮਾਲਕਾਂ ਵਿੱਚ ਪਿਛਲੇ ਸੀਜ਼ਨ ਦੇ ਚੌਲਾਂ ਦੀ ਲਿਫਟਿੰਗ ਅਤੇ ਸ਼ੈਲਰ ਖਾਲੀ ਕਰਨ ਦੀ ਮੰਗ ਕਰ ਰਹੇ ਹਨ ਪਰ ਸਰਕਾਰ ਸ਼ੈਲਰ ਮਾਲਕਾਂ ਦੀਆਂ ਮੰਗਾਂ ਨੂੰ ਅਣਗੌਲਿਆ ਕਰ ਰਹੀ ਹੈ। ਹੁਣ ਹਾਲਾਤ ਇਹ ਬਣ ਗਏ ਹਨ ਕਿ ਮੰਡੀਆਂ ਵਿੱਚ ਝੋਨੇ ਦੀ ਕੀਮਤ ਨਹੀਂ ਵਧ ਰਹੀ ਹੈ। ਸ਼ੈਲਰਾਂ ਵਿੱਚੋਂ ਝੋਨਾ ਖਾਲੀ ਨਹੀਂ ਕੀਤਾ ਜਾ ਰਿਹਾ ਅਤੇ ਮੰਡੀਆਂ ਵਿੱਚੋਂ ਨਵਾਂ ਝੋਨਾ ਵੀ ਨਹੀਂ ਚੁੱਕਿਆ ਜਾ ਰਿਹਾ।



# ਚੰਡੀਗੜ੍ਹ ਚ ਕੁੱਤਿਆਂ ਨਾਲ ਨਜਿੱਠਣ ਲਈ 1 ਕਰੋੜ ਰੁਪਏ ਦੀ ਕੀਤੀ ਮੰਗ, ਯੂਟੀ ਪ੍ਰਸ਼ਾਸਨ ਤੋਂ ਵਿਸ਼ੇਸ਼ ਗ੍ਰਾਂਟ ਦੀ ਅਪੀਲ




ਚੰਡੀਗੜ੍ਹ-( ਲੋਕ ਬਾਣੀ) ਚੰਡੀਗੜ੍ਹ ਨਗਰ ਨਿਗਮ (ਐਮਸੀ) ਨੇ ਸ਼ਹਿਰ ਵਿੱਚ ਕੁੱਤਿਆਂ ਦੇ ਕੱਟਣ ਦੇ ਮਾਮਲਿਆਂ ਵਿੱਚ ਅਚਾਨਕ ਹੋਏ ਵਾਧੇ ਦੇ ਮੱਦੇਨਜ਼ਰ ਯੂਟੀ ਪ੍ਰਸ਼ਾਸਨ ਤੋਂ ਬਜਟ ਵਿੱਚ ਵਾਧੇ ਦੀ ਮੰਗ ਕੀਤੀ ਹੈ। ਪਹਿਲਾਂ ਇਸ ਮੰਤਵ ਲਈ ਨਗਰ ਨਿਗਮ ਵੱਲੋਂ 10 ਲੱਖ ਰੁਪਏ ਦਾ ਉਪਬੰਧ ਕੀਤਾ ਗਿਆ ਸੀ, ਪਰ ਹਾਲ ਹੀ ਦੇ ਅੰਕੜਿਆਂ ਅਤੇ ਮੁਆਵਜ਼ੇ ਦੇ ਦਾਅਵਿਆਂ ਨੂੰ ਦੇਖਦੇ ਹੋਏ, ਨਿਗਮ ਹੁਣ ਬਜਟ ਉਪਬੰਧ ਨੂੰ ਵਧਾ ਕੇ 1 ਕਰੋੜ ਰੁਪਏ ਜਾਂ ਇਸ ਤੋਂ ਵੱਧ ਕਰਨ ਦੀ ਯੋਜਨਾ ਬਣਾ ਰਿਹਾ ਹੈ।

ਮਿਉਂਸਪਲ ਹੈਲਥ ਡਿਪਾਰਟਮੈਂਟ ($®8) ਨੇ ਕੁੱਤਿਆਂ ਦੀ ਨਸਬੰਦੀ ਅਤੇ ਉਨ੍ਹਾਂ ਦੇ ਖਤਰੇ ਨਾਲ ਨਜਿੱਠਣ ਲਈ ਪ੍ਰਸ਼ਾਸਨ ਤੋਂ ਵਾਧੂ ਵਿੱਤੀ ਸਹਾਇਤਾ ਲਈ ਪ੍ਰਸਤਾਵ ਤਿਆਰ ਕੀਤਾ ਹੈ। ਨਗਰ ਨਿਗਮ ਦੇ ਅਨੁਸਾਰ ਪਿਛਲੇ ਕੁਝ ਮਹੀਨਿਆਂ ਤੋਂ ਕੁੱਤਿਆਂ ਦੇ ਕੱਟਣ ਦੇ ਮਾਮਲਿਆਂ ਵਿੱਚ ਵਾਧਾ ਹੋਇਆ ਹੈ, ਜਿਸ ਕਾਰਨ ਮੌਜੂਦਾ ਬਜਟ ਪੂਰੀ ਤਰ੍ਹਾਂ ਨਾਕਾਫੀ ਸਾਬਤ ਹੋ ਰਿਹਾ ਹੈ।

# ਬਾਬਾ ਸਿੱਦੀਕੀ ਦੀ ਮੌਤ ਦੀ ਖ਼ਬਰ ਸੁਣਦਿਆਂ ਹੀ ਸਲਮਾਨ ਖਾਨ ਨੇ ਕੈਂਸਲ ਕੀਤੀ BIG BOSS 18 ਦੀ ਸ਼ੂਟਿੰਗ

ਮੁੰਬਈ-( ਲੋਕ ਬਾਣੀ) ਬਾਲੀਵੁੱਡ ਸੁਪਰਸਟਾਰ ਸਲਮਾਨ ਖਾਨ ਨੇ ਰਾਜਨੇਤਾ ਬਾਬਾ ਸਿੱਦੀਕੀ ਦੇ ਕਤਲ ਦੀ ਖ਼ਬਰ ਤੋਂ ਬਾਅਦ ਆਪਣੇ ਰਿਐਲਿਟੀ ਸ਼ੋਅ ਬਿੱਗ ਬੌਸ 18 ਦੀ ਸ਼ੂਟਿੰਗ ਰੱਦ ਕਰ ਦਿੱਤੀ ਹੈ। ਐਨਸੀਪੀ ਦੇ ਅਜੀਤ ਪਵਾਰ ਧੜੇ ਦੇ ਨੇਤਾ ਬਾਬਾ ਸਿੱਦੀਕੀ ਦੀ ਸ਼ਨੀਵਾਰ ਦੇਰ ਰਾਤ ਨੂੰ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਗੋਲੀਬਾਰੀ ਬਾਬਾ ਦੇ ਬੇਟੇ ਜ਼ੀਸ਼ਾਨ ਦੇ ਦਫਤਰ ਦੇ ਬਾਹਰ ਹੋਈ। ਜ਼ੀਸ਼ਾਨ ਦਾ ਦਫਤਰ ਬਾਂਦਰਾ ਖੇਤਰ ਦੇ ਨਿਰਮਲ ਨਗਰ ਦੇ ਕੋਲਗੇਟ ਮੈਦਾਨ ਦੇ ਨੇੜੇ ਹੈ।ਖਬਰਾਂ ਮੁਤਾਬਕ ਸਲਮਾਨ ਨੇ ਸ਼ਨੀਵਾਰ ਨੂੰ ਬਿੱਗ ਬੌਸ ਦੀ ਸ਼ੂਟਿੰਗ ਰੱਦ ਕਰ ਦਿੱਤੀ ਅਤੇ ਆਪਣੇ ਸ਼ੋਆ ਦੇ ਸੈੱਟ ਤੋਂ ਸਿੱਧਾ ਮੁੰਬਈ ਦੇ ਲੀਲਾਵਤੀ ਹਸਪਤਾਲ ਲਈ ਰਵਾਨਾ ਹੋ ਗਏ। ਇਸ ਦੌਰਾਨ ਕਤਲ ਤੋਂ ਬਾਅਦ ਸਲਮਾਨ ਖਾਨ ਦੇ ਘਰ ਦੇ ਬਾਹਰ ਸੁਰੱਖਿਆ ਵਧਾ ਦਿੱਤੀ ਗਈ ਹੈ। ਕਿਸੇ ਨੂੰ ਵੀ ਘਰ ਤੋਂ ਬਾਹਰ ਰਹਿਣ ਦੀ ਇਜਾਜ਼ਤ ਨਹੀਂ ਦਿੱਤੀ ਗਈ ਹੈ। ਬਾਲੀਵੁੱਡ ਅਭਿਨੇਤਾ ਸੰਜੇ ਦੱਤ ਨੇ ਸ਼ਨੀਵਾਰ ਦੇਰ ਰਾਤ ਇਸ ਮੰਦਭਾਗੀ ਘਟਨਾ ਬਾਰੇ ਸੁਣਨ ਤੋਂ ਬਾਅਦ ਲੀਲਾਵਤੀ ਹਸਪਤਾਲ ਦਾ ਦੌਰਾ ਕੀਤਾ। ਸਲਮਾਨ ਅਤੇ ਬਾਬਾ ਸਿੱਦੀਕੀ ਕਰੀਬੀ ਦੋਸਤ ਸਨ ਕਿਉਂਕਿ ਸਿਆਸਤਦਾਨ ਉਸੇ ਹਲਕੇ ਤੋਂ ਸਨ ਜਿੱਥੇ ਸਲਮਾਨ ਰਹਿੰਦੇ ਹਨ।



# ਰਾਮਲੀਲਾ ਉਤਸਵ ਕਮੇਟੀ ਪੁੱਡਾ ਮਾਰਕੀਟ ਵੱਲੋਂ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਦੁਸ਼ਹਿਰੇ ਦਾ ਤਿਓਹਾਰ,



ਸ੍ਰੀ ਅਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ): ਸ਼੍ਰੀ ਰਾਮਲੀਲ੍ਹਾ ਉਤਸਵ ਕਮੇਟੀ ਪੁੱਡਾ ਮਾਰਕੀਟ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਦੁਸ਼ਹਿਰੇ ਦਾ ਪਵਿੱਤਰ ਦਿਹਾੜਾ ਪੁੱਡਾ ਮਾਰਕੀਟ ਦੇ ਸਾਹਮਣੇ ਪਸ਼ੂ ਮੰਡੀ ਵਿੱਚ ਪੂਰੇ ਸ਼ਰਧਾ ਤੇ ਉਤਸਾਹ ਨਾਲ ਮਨਾਇਆ ਗਿਆ। ਇਸ ਮੌਕੇ ਜਿੱਥੇ ˙ਲੰਕਾ ਦਹਿਨ˙ ਦੀ ਰਸਮ ਅਦਾ ਕਰਨ ਲਈ ਰਾਵਣ ਦਾ ਵਿਸ਼ਾਲ ਬੁੱਤ ਤੇ ਬਣਾਈ ਗਈ ਲੰਕਾ ਅਗਨ ਭੇਟ ਕੀਤਾ ਗਿਆ ਉੱਥੇ ਹੀ ਰਾਮ ਲੀਲਾ ਵਿੱਚ ਕੰਮ ਕਰਨ ਵਾਲੇ ਸਾਰੇ ਕਲਾਕਾਰਾਂ ਨੇ ਆਪਣੀ ਆਪਣੀ ਕਲਾ ਦਾ ਪ੍ਰਦਰਸ਼ਨ ਵੀ ਕੀਤਾ ਇਸ ਮੌਕੇ ਵਿਸ਼ੇਸ਼ ਤੌਰ ਤੇ ਦੁਸ਼ਹਿਰੇ ਵਿੱਚ ਮੁੱਖ ਮਹਿਮਾਨ ਵਜੋਂ ਕਮਿਕਰ ਸਿੰਘ ਢਾਡੀ ਚੈਅਰਮੈਨ ਮਾਰਕੀਟ ਕਮੇਟੀ ਸ਼੍ਰੀ ਆਨੰਦਪੁਰ ਸਾਹਿਬ ਮਹਾਂ ਗੁੱਜਰ ਸਭਾ ਦੇ ਮੀਤ ਪ੍ਰਧਾਨ ਰਤਨ ਧਨੇੜਾ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ ਇਸ ਮੌਕੇ ਸੰਦੀਪ ਸਿੰਘ ਰਾਏ ਮੀਤ ਪ੍ਰਧਾਨ ਭਾਰਤੀ ਜਨਤਾ ਪਾਰਟੀ ਲੁਧਿਆਣਾ ਵੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ ਜਦੋਂ ਕਿ ਸਨਾਤਨ ਧਰਮ ਸਭਾ ਦੇ ਪ੍ਰਧਾਨ ਸ੍ਰੀ ਹਰਿ ਓਮ ਭ੍ਰਿਗੂ ਜੋਤਿਸ਼ੀ,ਆਮ ਆਦਮੀ ਪਾਰਟੀ ਦੇ ਪ੍ਰਧਾਨ ਸ਼ੰਮੀ ਬਰਾਰੀ, ਆਮ ਆਦਮੀ ਪਾਰਟੀ ਕਿਸਾਨ ਵਿੰਗ ਦੇ ਪ੍ਰਧਾਨ ਕੇਸਰ ਸੰਧੂ, ਸ਼੍ਰੀ ਕੀਰਤਪੁਰ ਸਾਹਿਬ ਟਰੱਕ ਯੂਨੀਅਨ ਪ੍ਰਧਾਨ ਤਰਸੇਮ ਸਿੰਘ ਲੋਚੀ, ਵਾਲਮੀਕੀ ਸਭਾ ਦੇ ਪ੍ਰਧਾਨ ਰਵੀ ਹੰਸ,ਇਸ ਦੌਰਾਨ ਮੰਚ ਸੰਚਾਲਨ ਦੀ ਭੂਮਿਕਾ ਨੌਜਵਾਨ ਆਗੂ ਬਲਰਾਮ ਪਰਾਸ਼ਰ ਵੱਲੋਂ ਨਿਭਾਈ ਗਈ ਸ਼੍ਰੀ ਰਾਮ ਲੀਲ੍ਹਾ ਉੱਤਸਵ ਕਲੱਬ ਦੇ ਪ੍ਰਧਾਨ ਰਾਮ ਪੁਰਾਸ਼ਰ ਵੱਲੋਂ ਮੁੱਖ ਮਹਿਮਾਨ ਕਮਿਕਰ ਸਿੰਘ ਢਾਡੀ ਸੰਦੀਪ ਸਿੰਘ ਰਾਏ ਭੈਣੀ ਸਾਹਿਬ ਤੇ ਰਤਨ ਧਨੇਡਾ ਦੇ ਕੋਲੋਂ ਕਲੱਬ ਦੇ ਮੈਂਬਰਾਂ ਨੂੰ ਇਨਾਮ ਦਿਲਵਾਏ ਗਏ ਤੇ ਕਲਾਕਾਰਾਂ ਨੂੰ ਇਨਾਮ ਤਕਸੀਮ ਕਰਦੇ ਹੋਏ ਮੁੱਖ ਮਹਿਮਾਨ ਕਮਿਕਰ ਸਿੰਘ ਢਾਡੀ ਵੱਲੋਂ ਮਰਿਯਾਦਾ ਪੁਰਸ਼ੋਤਮ ਭਗਵਾਨ ਸ੍ਰੀ ਰਾਮ ਚੰਦਰ ਜੀ ਦੇ ਜੀਵਨ ਤੇ ਸੰਖੇਪ ਵਿਚਾਰ ਪ੍ਰਗਟਾਉਂਦਿਆਂ ਸਾਰਿਆਂ ਨੂੰ ਵਧਾਈ ਦਿੱਤੀ ਤੇ ਭਵਿੱਖ ਵਿੱਚ ਕਲੱਬ ਨੂੰ ਹਰ ਤਰ੍ਹਾਂ ਦੀ ਸਹਿਯੋਗ ਦੇਣ ਦਾ ਵਾਅਦਾ ਕੀਤਾ ਇਸ ਮੋਕੇ ਹਰੀ ਓਮ ਭਰਿਗੂ ਜੋਤਸ਼ੀ ਪ੍ਰਧਾਨ ਸਨਾਤਨ ਧਰਮ ਸਭਾ ਅਨੰਦਪੁਰ ਸਾਹਿਬ, ਰੋਹਿਤ ਜਗੋਤਾ ,ਮਨੂ ਸ਼ਰਮਾ, ਅਭੀ ਬ੍ਰਾਹਮਣ, ਸੌਰਵ ਕੁਮਾਰ, ਗੌਰਵ ਕੁਮਾਰ, ਰਾਜਨ ਸਿੰਘ ਗੁਰਦੀਪ ਪਿੱਲੂ ,ਸਾਹਿਬ ਪਾਬਲਾ, ਧਰੂਪਲ ਪਰਾਸ਼ਰ, ਸੋਨੂੰ ਅਰੋੜਾ, ਕ੍ਰਿਸ਼ਨ ਜਗੋਤਾ, ਰੋਹਿਤ ਕੁਮਾਰ, ਐਡ: ਪਲਵਿੰਦਰ ਸਿੰਘ ਘੱਗਾ, ਸਹਿਬ ਪਾਬਲਾ, ਬਲਰਾਮ ਪਰਾਸ਼ਰ, ਗੋਪਾਲ ਗੌਰੀ, ਕ੍ਰਿਸ਼ਣ ਜਗੋਤਾ, ਮਨੁ ਸ਼ਰਮਾ, ਸਾਹਿਲ ਕੁਮਾਰ, ਸ਼ੌਰਿਆ ਬੱਸੀ,ਮਨੀਸ਼ ਗੌਤਮ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਤੋਂ ਮਿਲਦਾ ਹੈ ਧਰਮ ਮਾਰਗ 'ਤੇ ਚੱਲਣ ਦਾ ਸੁਨੇਹਾ : ਅਸ਼ੋਕ ਭਾਟੀਆ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸਕੱਤਰ ਅਸ਼ੋਕ ਭਾਟੀਆ ਸਮੇਤ 'ਆਪ' ਆਗੂਆਂ ਨੇ ਫਗਵਾੜਾ ਦੇ ਸ਼੍ਰੀ ਹਨੂੰਮਾਨਗੜ੍ਹੀ, ਬਾਬਾ ਗੱਦੀਆ ਸਮੇਤ ਅਨੇਕਾਂ ਥਾਵਾਂ 'ਤੇ ਆਯੋਜਿਤ ਦੁਸ਼ਹਿਰਾ ਸਮਾਗਮਾਂ ਵਿਚ ਆਪਣੀ ਹਾਜ਼ਰੀ ਦਰਜ ਕਰਵਾਈ। ਇਸ ਦੌਰਾਨ ਅਸ਼ੋਕ ਭਾਟੀਆ ਤੋਂ ਇਲਾਵਾ ਤਵਿੰਦਰ ਰਾਮ ਚੇਅਰਮੈਨ ਮਾਰਕੀਟ ਕਮੇਟੀ ਫਗਵਾੜਾ ਅਤੇ ਕਸ਼ਮੀਰ ਸਿੰਘ ਮੱਲ੍ਹੀ ਚੇਅਰਮੈਨ ਨਗਰ ਸੁਧਾਰ ਟਰੱਸਟ ਫਗਵਾੜਾ ਨੇ ਸਾਰਿਆਂ ਨੂੰ ਦੁਸਹਿਰੇ ਦੇ ਤਿਉਹਾਰ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਦੁਸ਼ਹਿਰੇ ਦਾ ਇਹ ਤਿਉਹਾਰ ਸਾਨੂੰ ਦੱਸਦਾ ਹੈ ਕਿ ਬੁਰਾਈ ਦਾ ਅੰਤ ਹਮੇਸ਼ਾ ਬੁਰਾ ਹੁੰਦਾ ਹੈ। ਅਧਰਮ ਦਾ ਮਾਰਗ ਵਿਨਾਸ਼ ਵੱਲ ਲੈ ਜਾਂਦਾ ਹੈ, ਇਸ ਲਈ ਸਾਨੂੰ ਸੱਚ ਅਤੇ ਧਰਮ ਦੇ ਰਾਹ 'ਤੇ ਚੱਲਣਾ ਚਾਹੀਦਾ ਹੈ। ਅਸ਼ੋਕ ਭਾਟੀਆ ਅਤੇ ਹੋਰਨਾਂ ਨੂੰ ਦੁਸਹਿਰਾ ਕਮੇਟੀਆਂ ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਗੋਪੀ ਬੇਦੀ, ਹਰੀਓਮ ਗੁਪਤਾ, ਹਰਜੀਤ ਜੋਸ਼ੀ, ਦੀਪਕ ਕੈਪਟਨ, ਕੁਲਵਿੰਦਰ ਸਿੰਘ, ਸੁਭਾਸ਼ ਕਵਾਤਰਾ, ਬਬਲੂ, ਭੁਪਿੰਦਰ ਬਸਰਾ, ਕੇਵਿਨ ਸਿੰਘ, ਮਨਮੋਹਨ ਸਿੰਘ ਅਤੇ ਡਾ. ਜਤਿੰਦਰ ਸਿੰਘ ਪਰਹਾਰ ਆਦਿ ਵੀ ਉਹਨਾਂ ਦੇ ਨਾਲ ਸਨ

ਰੋਜ਼ਾਨਾ ਲੋਕ ਬਾਣੀ www.lokbani

# ਕਿਸਾਨਾ ਵਲੋਂ ਝੋਨੇ ਦੀ ਸਰਕਾਰੀ ਖਰੀਦ ਨਾ ਹੋਣ ਦੇ ਰੋਸ ਵਜੋਂ ਗੰਨਾ ਮਿਲ ਚੌਕ 'ਚ ਲਗਾਇਆ ਧਰਨਾ



ਫਗਵਾੜਾ (ਜੀਵਨ ਸੰਘਾ/ ਸੁਸ਼ੀਲ ਸ਼ਰਮਾ) ਭਾਰਤੀ ਕਿਸਾਨ ਯੂਨੀਅਨ (ਦੋਆਬਾ) ਵਲੋਂ ਮੰਡੀਆਂ ਵਿੱਚ ਝੋਨੇ ਦੀ ਫਸਲ ਦੀ ਸਰਕਾਰੀ ਖਰੀਦ ਨਾ ਹੋਣ ਦੇ ਚਲਦਿਆਂ ਅੱਜ ਮੰਡੀ ਮਜ਼ਦੂਰ ਯੂਨੀਅਨ ਅਤੇ ਆੜਤੀ ਐਸੋਸੀਏਸ਼ਨ ਫਗਵਾੜਾ ਦੇ ਸਹਿਯੋਗ ਨਾਲ ਗੰਨਾ ਮਿੱਲ ਚੌਂਕ ਫਗਵਾੜਾ ਵਿਖੇ ਤਿੰਨ ਘੰਟੇ ਹਾਈਵੇ ਜਾਮ ਕਰਕੇ ਧਰਨਾ ਲਗਾਇਆ। ਇਸ ਦੌਰਾਨ ਧਰਨਾਕਾਰੀਆਂ ਵਲੋਂ ਪੰਜਾਬ ਅਤੇ ਕੇਂਦਰ ਦੀਆਂ ਸਰਕਾਰਾਂ ਖਿਲਾਫ ਜੋਰਦਾਰ ਨਾਅਰੇਬਾਜੀ ਕੀਤੀ ਗਈ। ਕਿਸਾਨਾਂ ਦੇ ਧਰਨੇ ਨੂੰ ਸਮਰਥਨ ਦੇਣ ਲਈ ਕਾਂਗਰਸੀ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਵੀ ਸਾਥੀਆਂ ਸਮੇਤ ਹਾਜਰ ਹੋਏ। ਇਸ ਮੌਕੇ ਸੰਬੋਧਨ ਕਰਦਿਆਂ ਕਿਸਾਨ ਜੱਥੇਬੰਦੀ ਦੇ ਜਨਰਲ ਸਕੱਤਰ ਸਤਨਾਮ ਸਿੰਘ ਸਾਹਨੀ, ਕਿਰਪਾਲ ਸਿੰਘ ਮੂਸਾਪੁਰ, ਗੁਰਪਾਲ ਸਿੰਘ ਮੌਲੀ, ਗੁਰਚੇਤਨ ਸਿੰਘ ਤੱਖਰ ਤੋਂ ਇਲਾਵਾ ਆੜਤੀਆ ਐਸੋਸੀਏਸ਼ਨ ਦੇ ਜ਼ਿਲਾ ਪ੍ਰਧਾਨ ਨਰੇਸ਼ ਭਾਰਦਵਾਜ ਤੇ ਕੁਲਵੰਤ ਰਾਏ ਪੱਬੀ ਨੇ ਝੋਨੇ ਦੀ ਖਰੀਦ ਨਾ ਹੋਣ ਕਾਰਨ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵਿਰੁੱਧ ਜ਼ੋਰਦਾਰ ਆਵਾਜ਼ ਬੁਲੰਦ ਕਰਦੇ ਹੋਏ ਸਮੱਸਿਆ ਦੇ ਤੁਰੰਤ ਹੱਲ ਦੀ ਮੰਗ ਕੀਤੀ। ਕਿਸਾਨ ਆਗੂਆਂ ਨੇ ਮੰਡੀਆਂ ਵਿੱਚ ਝੋਨੇ ਦੀ ਤੁਰੰਤ ਸਰਕਾਰੀ ਖਰੀਦ, ਲਿਫਟਿੰਗ ਅਤੇ ਪੰਜਾਬ ਦੇ ਗੁਦਾਮਾਂ ਵਿੱਚੋਂ ਚੌਲਾਂ ਦੀ ਲਿਫਟਿੰਗ ਲਈ ਸਪੈਸ਼ਲ ਟਰੇਨਾਂ ਜਲਦ ਚਲਾਉਣ ਅਤੇ ਕਿਸਾਨਾਂ ਨੂੰ ਡੀ.ਏ.ਪੀ. ਖਾਦ ਦੀ ਘਾਟ ਦੀ ਸਮੱਸਿਆ ਨੂੰ ਤੁਰੰਤ ਹੱਲ ਕਰਨ ਦੀ ਮੰਗ ਵੀ ਕੀਤੀ। ਰੋਸ ਧਰਨੇ ਵਿੱਚ ਬਲਜੀਤ ਸਿੰਘ ਹਰਦਾਸਪੁਰ ਮਨਜੀਤ ਸਿੰਘ ਲੱਲੀ ਸ਼ਰਨਜੀਤ ਸਿੰਘ ਅਠੌਲੀ ਜਸਵਿੰਦਰ ਸਿੰਘ ਘੁੰਮਣ ਤੇਜਸਵੀ ਭਾਰਤਵਾਜ਼ ਗਜਾ ਨੰਦ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਰੀਵਾਲ ਰਣਜੀਤ ਸਿੰਘ ਰਾਣਾ ਅਕਾਲੀ ਆਗੂ ਰਜਿੰਦਰ ਸਿੰਘ ਚੰਦੀ, ਸੰਤੋਖ ਸਿੰਘ ਲੱਖਪੁਰ, ਸੂਰਪ ਸਿੰਘ ਖਲਵਾੜਾ ਬੋਬੀ ਠੱਕਰਕੀ ਜਸਵੰਤ ਸਿੰਘ ਜਗਪਾਲਪੁਰ ਕੁਲਦੀਪ ਸਿੰਘ ਰਾਏਪੁਰ ਗੁਰਚੇਤਨ ਸਿੰਘ ਤੱਖਰ ਸਟੇਜ ਸਕੱਤਰ ਤਰਸੇਮ ਸਿੰਘ ਢਿੱਲੋਂ ਦਵਿੰਦਰ ਸਿੰਘ ਸੰਧਵਾਂ ਹਰਭਜਨ ਸਿੰਘ ਬਾਜਵਾ ਮੱਖਣ ਸਿੰਘ ਟੋਡਰਪੁਰ ਮੇਜਰ ਸਿੰਘ ਕੁਲਥਮ ਬਲਜਿੰਦਰ ਸਿੰਘ ਚੱਕ ਮੁੰਡੇਰ ਜ਼ਿਲ੍ਹਾ ਪ੍ਰਧਾਨ ਨਵਾਂ ਸ਼ਹਿਰ ਰਣਵਿੰਦਰ ਸਿੰਘ ਫਰਾਲਾ ਹਰਜੀਤ ਸਿੰਘ ਰਾਣੂ ਰਸ਼ਪਾਲ ਸਿੰਘ ਸ਼ਾਦੀਪੁਰ ਕੇਵਲ ਸਿੰਘ ਤਲਵਣ ਕੁਲਦੀਪ ਸਿੰਘ ਆਹਲੂਵਾਲ ਚਰਨਪ੍ਰੀਤ ਸਿੰਘ ਫਲੋਰ ਕੁਲਵਿੰਦਰ ਸਿੰਘ ਕਾਲਾ ਸਰਪੰਚ ਅਠੌਲੀ ਮੇਜਰ ਸਿੰਘ ਸੈਲਰ ਐਸੋਸੀਏਸ਼ਨ ਫਗਵਾੜਾ ਪ੍ਰਧਾਨ ਰਵੀ ਦੁਆ, ਮਾਸਟਰ ਹਰਭਜਨ ਸਿੰਘ ਸਾਬਕਾ ਸਰਪੰਚ ਭੁੱਲਾਰਾਈ, ਤਰਸੇਮ ਸਿੰਘ, ਦਵਿੰਦਰ ਸਿੰਘ ਸੰਧਵਾ, ਬਲਜਿੰਦਰ ਸਿੰਘ, ਮਨਜੀਤ ਸਿੰਘ ਲੱਲੀ, ਚਰਨਜੀਤ ਸਿੰਘ ਅਠੌਲੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ, ਔਰਤਾਂ, ਮੰਡੀ ਮਜ਼ਦੂਰ ਸ਼ਾਮਲ ਹੋਏ

ਰੋਜ਼ਾਨਾ ਲੋਕ ਬਾਣੀ www.lokbani

# ਮੰਡੀਆਂ ਵਿੱਚ ਝੋਨੇ ਦੀ ਫਸਲ ਦੀ ਸਰਕਾਰੀ ਖਰੀਦ ਨਾ ਹੋਣ ਕਾਰਨ

## ਭਾਰਤੀ ਕਿਸਾਨ ਯੂਨੀਅਨ ਦੋਆਬਾ ਵਲੋਂ ਗੰਨਾ ਮਿਲ ਚੋਕ ਵਿਖੇ 12 ਵਜੇ ਤੋਂ 3 ਵਜੇ ਤੱਕ ਹਾਈਵੇ ਜਾਮ ਕੀਤਾ ਗਿਆ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਮੰਡੀਆਂ ਵਿੱਚ ਝੋਨੇ ਦੀ ਫਸਲ ਦੀ ਸਰਕਾਰੀ ਖਰੀਦ ਨਾ ਹੋਣ ਕਾਰਨ ਅੱਜ ਭਾਰਤੀ ਕਿਸਾਨ ਯੂਨੀਅਨ ਦੋਆਬਾ ਦੀ ਅਗਵਾਈ ਹੇਠ ਮੰਡੀ ਮਜ਼ਦੂਰ ਯੂਨੀਅਨ ਅਤੇ ਆੜਤੀ ਐਸੋਸੀਏਸ਼ਨ ਫਗਵਾੜਾ ਦੇ ਸਹਿਯੋਗ ਨਾਲ ਗੰਨਾ ਮਿੱਲ ਚੌਂਕ ਫਗਵਾੜਾ ਵਿਖੇ ਹਾਈਵੇ ਜਾਮ ਕੀਤਾ ਗਿਆ,,ਮੰਚ ਤੋਂ ਸੰਬੋਧਿਤ ਕਰਦਿਆਂ ਜਨਰਲ ਸਕੱਤਰ ਸਤਨਾਮ ਸਿੰਘ ਸਾਹਨੀ ਆੜਤੀਆ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਨਰੇਸ਼ ਭਾਰਦਵਾਜ ਕੁਲਵੰਤ ਰਾਏ ਪੱਬੀ ਕਿਰਪਾਲ ਸਿੰਘ ਮੂਸਾਪੁਰ ਗੁਰਪਾਲ ਸਿੰਘ ਮੌਲੀ ਅਤੇ ਗੁਰਚੇਤਨ ਸਿੰਘ ਤੱਖਰ ਜੀ ਨੇ ਝੋਨੇ ਦੀ ਖਰੀਦ ਨਾ ਹੋਣ ਕਾਰਨ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵਿਰੁੱਧ ਜ਼ੋਰਦਾਰ ਆਵਾਜ਼ ਬੁਲੰਦ ਕਰਦੇ ਹੋਏ ਸਮੱਸਿਆ ਦੇ ਤੁਰੰਤ ਹੱਲ ਦੀ ਮੰਗ ਕੀਤੀ,, ਕਿਸਾਨ ਆਗੂਆਂ ਨੇ ਮੰਡੀਆਂ ਵਿੱਚ ਝੋਨੇ ਦੀ ਤੁਰੰਤ ਸਰਕਾਰੀ ਖਰੀਦ ਝੋਨੇ ਦੀ ਚੁਕਾਈ ਅਤੇ ਪੰਜਾਬ ਦੇ ਗੁਦਾਮਾਂ ਵਿੱਚੋਂ ਚੌਲਾਂ ਦੀ ਲਿਫਟਿੰਗ ਲਈ ਸਪੈਸ਼ਲ ਟ੍ਰੇਨਾਂ ਜਲਦ ਚਲਾਉਣ ਦੀ ਮੰਗ ਕੀਤੀ,, ਅਤੇ ਕਿਸਾਨਾਂ ਨੂੰ ਆ ਰਹੀ ਡੀਏਪੀ ਦੀ ਘਾਟ ਦੀ ਸਮੱਸਿਆ ਨੂੰ ਤੁਰੰਤ ਹੱਲ ਕਰਨ ਦੀ ਮੰਗ ਕੀਤੀ, ਰੋਸ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ, ਔਰਤ ਅਤੇ ਮਰਦ ਮੰਡੀ ਮਜ਼ਦੂਰ ਹਾਜ਼ਰ ਹੋਏ, ਇਸ ਮੌਕੇ ਹਾਜ਼ਰੀਨ ਆਗੂ ਬਲਜੀਤ ਸਿੰਘ ਹਰਦਾਸਪੁਰ ਮਨਜੀਤ ਸਿੰਘ ਲੱਲੀ ਸ਼ਰਨਜੀਤ ਸਿੰਘ ਅਠੌਲੀ ਜਸਵਿੰਦਰ ਸਿੰਘ ਘੁੰਮਣ ਤੇਜਸਵੀ ਭਾਰਤਵਾਜ਼ ਗਜਾ ਨੰਦ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਰੀਵਾਲ ਰਣਜੀਤ ਸਿੰਘ ਰਾਣਾ ਅਕਾਲੀ ਆਗੂ ਰਜਿੰਦਰ ਸਿੰਘ ਚੰਦੀ ਸੂਰਪ ਸਿੰਘ ਖਲਵਾੜਾ ਬੋਬੀ ਠੱਕਰਕੀ ਜਸਵੰਤ ਸਿੰਘ ਜਗਪਾਲਪੁਰ ਕੁਲਦੀਪ ਸਿੰਘ ਰਾਏਪੁਰ ਗੁਰਚੇਤਨ ਸਿੰਘ ਤੱਖਰ ਸਟੇਜ ਸਕੱਤਰ ਤਰਸੇਮ ਸਿੰਘ ਢਿੱਲੋਂ ਦਵਿੰਦਰ ਸਿੰਘ ਸੰਧਵਾਂ ਹਰਭਜਨ ਸਿੰਘ ਬਾਜਵਾ ਮੱਖਣ ਸਿੰਘ ਟੋਡਰਪੁਰ ਮੇਜਰ ਸਿੰਘ ਕੁਲਥਮ ਬਲਜਿੰਦਰ ਸਿੰਘ ਚੱਕ ਮੁੰਡੇਰ ਜ਼ਿਲ੍ਹਾ ਪ੍ਰਧਾਨ ਨਵਾਂ ਸ਼ਹਿਰ ਰਣਵਿੰਦਰ ਸਿੰਘ ਫਰਾਲਾ ਹਰਜੀਤ ਸਿੰਘ ਰਾਣੂ ਰਸ਼ਪਾਲ ਸਿੰਘ ਸ਼ਾਦੀਪੁਰ ਕੇਵਲ ਸਿੰਘ ਤਲਵਣ ਕੁਲਦੀਪ ਸਿੰਘ ਆਹਲੂਵਾਲ ਚਰਨਪ੍ਰੀਤ ਸਿੰਘ ਫਲੋਰ ਕੁਲਵਿੰਦਰ ਸਿੰਘ ਕਾਲਾ ਸਰਪੰਚ ਅਠੌਲੀ ਮੇਜਰ ਸਿੰਘ ਸੈਲਰ ਐਸੋਸੀਏਸ਼ਨ ਫਗਵਾੜਾ ਪ੍ਰਧਾਨ ਰਵੀ ਦੁਆ

ਰੋਜ਼ਾਨਾ ਲੋਕ ਬਾਣੀ www.lokbani

# ਰਾਵਣ ਦੇ ਪੁਤਲੇ ਨੂੰ ਅੱਗ ਲੱਗਦੇ ਹੀ ਕਾਨਪੁਰ ਚ ਜੈ ਸ਼੍ਰੀ ਰਾਮ ਗੂੰਜ ਉੱਠਿਆ



ਕਾਨਪੁਰ (ਸੁਨੀਲ ਬਾਜਪਾਈ) ਇੱਥੇ ਬੁਰਾਈ ਵਿਰੁੱਧ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਦੁਸਹਿਰੇ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਦੌਰਾਨ ਸ਼ਾਸਤਰੀ ਨਗਰ, ਗੋਵਿੰਦ ਨਗਰ ਅਤੇ ਕਿਦਵਈ ਨਗਰ ਦੀ ਪਰੇਡ, ਦੁਸਹਿਰਾ ਮੇਲੇ ਵਿੱਚ ਭਾਰੀ ਭੀੜ ਰਹੀ। ਲੋਕ ਵੱਖ-ਵੱਖ ਥਾਵਾਂ ਤੇ ਖਰੀਦਦਾਰੀ ਕਰਦੇ ਦੇਖੇ ਗਏ, ਉਥੇ ਹੀ ਹੋਟਲਾਂ, ਰੈਸਟੋਰੈਂਟਾਂ ਅਤੇ ਖਾਣ-ਪੀਣ ਦੀਆਂ ਸਟਾਲਾਂ ਤੇ ਲੋਕ ਤਰ੍ਹਾਂ-ਤਰ੍ਹਾਂ ਦੀਆਂ ਚੀਜ਼ਾਂ ਦਾ ਸਵਾਦ ਲੈਂਦੇ ਦੇਖੇ ਗਏ।

ਲਗਭਗ ਹਰ ਮੇਲੇ ਵਿੱਚ ਰਾਮਲੀਲਾ ਦੀ ਸਟੇਜ ਨੂੰ ਵੀ ਲੋਕਾਂ ਨੇ ਬਹੁਤ ਪਸੰਦ ਕੀਤਾ। ਰਾਵਣ ਦੇ ਕਤਲ ਦੀ ਸਟੇਜ ਵੀ ਲਗਭਗ ਹਰ ਥਾਂ ਲਾਈਵ ਦਿਖਾਈ ਦਿੱਤੀ। ਜਿਵੇਂ ਹੀ ਰਾਵਣ ਦਾ ਪੁਤਲਾ ਫੂਕਿਆ ਗਿਆ। ਪੂਰਾ ਪੰਡਾਲ ਜੈ ਸ਼੍ਰੀ ਰਾਮ ਦੇ ਨਾਅਰਿਆਂ ਨਾਲ ਗੂੰਜ ਉੱਠਿਆ। ਕਈ ਥਾਵਾਂ ਤੇ ਲੰਕਾ ਦਹਨ, ਕੁੰਭਕਰਨ ਵੱਧ ਅਤੇ ਮੇਘਨਾਥ ਕਤਲ ਵੀ ਸ਼ਾਨਦਾਰ ਢੰਗ ਨਾਲ ਕੀਤੇ ਗਏ। ਲੋਕਾਂ ਨੇ ਰਾਵਣ ਦੇ ਪੁਤਲੇ ਨੂੰ ਵੀ ਆਪਣੇ ਮੋਬਾਈਲਾਂ ਵਿੱਚ ਕੈਦ ਕਰ ਲਿਆ।

ਇਸ ਦੌਰਾਨ ਕਲਿਆਣਪੁਰ, ਬਿਧਨੂੰ, ਪਰੇਡ, ਕਿਦਵਈ ਨਗਰ, ਘਾਟਮਪੁਰ, ਬਿਠੂਰ ਅਤੇ ਬਿਲਹੌਰ ਖੇਤਰਾਂ ਵਿੱਚ ਲੱਗੇ ਮੇਲੇ ਵਿੱਚ ਕੁਝ ਸ਼ਰਾਰਤੀ ਅਨਸਰਾਂ ਨੇ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਵੀ ਕੀਤੀ, ਜਿਸ ਨੂੰ ਪੁਲੀਸ ਨੇ ਨਾਕਾਮ ਕਰ ਦਿੱਤਾ। ਲੜਾਈ ਦੀਆਂ ਕੁਝ ਘਟਨਾਵਾਂ ਵਿੱਚ ਕੁਝ ਨੌਜਵਾਨਾਂ ਨੂੰ ਹਿਰਾਸਤ ਵਿੱਚ ਵੀ ਲਿਆ ਗਿਆ। ਸੁਰੱਖਿਆ ਲਈ ਹਰ ਮੇਲੇ ਵਿਚ ਵੱਡੀ ਗਿਣਤੀ ਵਿਚ ਪੁਲਿਸ ਬਲ ਲਗਾਤਾਰ ਸਰਗਰਮ ਰਹੇ।

ਰੋਜ਼ਾਨਾ ਲੋਕ ਬਾਣੀ www.lokbani

# ਵਾਤਾਵਰਨ ਬਚਾਓ, ਪਰਾਲੀ ਨੂੰ ਅੱਗ ਨਾ ਲਗਾਓ, ਪਿੰਡਾਂ ਵਿੱਚ ਅਨਾਊਂਸਮੈਂਟਾਂ ਰਾਹੀਂ ਕੀਤਾ ਜਾ ਰਿਹਾ ਹੈ ਜਾਗਰੂਕ



ਗੁਰਦਾਸਪੁਰ-ਨਵਨੀਤ ਕੁਮਾਰ - ਡਿਪਟੀ ਕਮਿਸ਼ਨਰ, ਸ਼੍ਰੀ ਉਮਾ ਸ਼ੰਕਰ ਗੁਪਤਾ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਜ਼ਿਲ੍ਹੇ ਦੇ ਪਿੰਡਾਂ ਵਿੱਚ ਲੋਕਾਂ ਨੂੰ ਜਾਗਰੂਕਤਾ ਕੈਂਪ ਲਗਾ ਕੇ, ਮੀਟਿੰਗਾਂ ਕਰਕੇ, ਪੈਂਫਲਿਟ ਵੰਡ, ਪ੍ਰਚਾਰ ਵੈਨਾਂ ਰਾਹੀਂ, ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਪਰਾਲੀ ਦੇ ਮਾੜੇ ਪ੍ਰਭਾਵ ਦੱਸ ਕੇ ਅਤੇ ਅਨਾਊਂਸਮੈਟਾਂ ਸਮੇਤ ਵੱਖ ਵੱਖ ਤਰੀਕਿਆਂ ਨਾਲ ਪਰਾਲੀ ਨਾ ਸਾੜਨ ਤੇ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਵਰਤਣ ਦੀ ਅਪੀਲ ਕੀਤੀ ਜਾ ਰਹੀ ਹੈ। ਇਸ ਸਬੰਧੀ ਗੱਲ ਕਰਦਿਆਂ ਜਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨਰ (ਜ), ਸੁਰਿੰਦਰ ਸਿੰਘ ਨੇ ਦੱਸਿਆ ਕਿ ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਪਿੰਡ-ਪਿੰਡ ਜਾ ਕੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾ ਕੇ ਖੇਤਾਂ ਵਿੱਚ ਵਾਹੁਣ ਦੀ ਅਪੀਲ ਕੀਤੀ ਜਾ ਰਹੀ ਹੈ, ਤਾਂ ਜੋ ਵਾਤਾਵਰਣ ਨੂੰ ਬਚਾਉਣ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਇਆ ਜਾ ਸਕੇ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੱਖ-ਵੱਖ ਪਿੰਡਾਂ ਵਿੱਚ ਅਗਾਂਹਵਧੂ ਕਿਸਾਨ, ਜਿਨ੍ਹਾਂ ਵਲੋਂ ਪਿਛਲੇ ਸਾਲਾਂ ਤੋਂ ਪਰਾਲੀ ਨੂੰ ਅੱਗ ਨਹੀਂ ਲਗਾਈ ਗਈ, ਉਨ੍ਹਾਂ ਨੂੰ ਡਿਪਟੀ ਕਮਿਸ਼ਨਰ ਗੁਰਦਾਸਪੁਰ ਵਲੋਂ ਵਾਤਾਵਰਣ ਦੇ ਰਖਵਾਲੇ ਪ੍ਰਸ਼ੰਸਾ ਪੱਤਰ ਨਾਲ ਸਨਮਾਨਿਤ ਕੀਤਾ ਜਾ ਰਿਹਾ ਹੈ।

ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਦੇ ਵੱਖ-ਵੱਖ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ ਹੈ ਅਤੇ ਦੱਸਿਆ ਕਿ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਕੇ ਬੜੀ ਅਸਾਨੀ ਨਾਲ ਝੋਨੇ ਦੀ ਪਰਾਲੀ ਦਾ ਪ੍ਰਬੰਧ ਕੀਤਾ ਜਾ ਸਕਦਾ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਜੋਗਿੰਦਰ ਸਿੰਘ ਮਾਨ ਨੇ ਅਨਾਜ ਮੰਡੀਆਂ 'ਚ ਝੋਨੇ ਦੀ ਖਰੀਦ ਦਾ ਲਿਆ ਜਾਇਜ਼ਾ

## ☛ ਫਗਵਾੜਾ 'ਚ ਐਤਵਾਰ ਤੱਕ 54601 ਕੁਇੰਟਲ ਝੋਨੇ ਦੀ ਖਰੀਦ ਹੋਈ ਖਰੀਦ





ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਆਮ ਆਦਮੀ ਪਾਰਟੀ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਫਗਵਾੜਾ ਦੀਆਂ ਵੱਖ-ਵੱਖ ਅਨਾਜ ਮੰਡੀਆਂ ਵਿੱਚ ਚੱਲ ਰਹੇ ਝੋਨੇ ਦੀ ਖਰੀਦ ਦੇ ਕੰਮ ਦਾ ਜਾਇਜ਼ਾ ਲਿਆ। ਉਨ੍ਹਾਂ ਦੇ ਨਾਲ ਐੱਸ.ਡੀ.ਐੱਮ. ਜਸ਼ਨਜੀਤ ਸਿੰਘ ਅਤੇ ਮਾਰਕੀਟ ਕਮੇਟੀ ਫਗਵਾੜਾ ਦੇ ਚੇਅਰਮੈਨ ਤਵਿੰਦਰ ਰਾਮ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਦੌਰਾਨ ਉਨ੍ਹਾਂ ਮੰਡੀ ਬੋਰਡ ਦੇ ਅਧਿਕਾਰੀਆਂ ਨਾਲ ਮੀਟਿੰਗ ਵੀ ਕੀਤੀ। ਜਿਸ ਤੋਂ ਬਾਅਦ ਗੱਲਬਾਤ ਕਰਦਿਆਂ ਮਾਨ ਨੇ ਦੱਸਿਆ ਕਿ ਐਤਵਾਰ ਤੱਕ ਕੁੱਲ 54,601 ਕੁਇੰਟਲ ਝੋਨੇ ਦੀ ਖਰੀਦ ਦਾ ਕੰਮ ਮੁਕੰਮਲ ਹੋ ਚੁੱਕਾ ਹੈ। ਹੁਸ਼ਿਆਰਪੁਰ ਰੋਡ ਫਗਵਾੜਾ ਦੀ ਮੁੱਖ ਅਨਾਜ ਮੰਡੀ ਵਿੱਚ 37,241 ਕੁਇੰਟਲ, ਮਾਣਕ ਵਾਹਦ ਮੰਡੀ ਵਿੱਚ 6417 ਕੁਇੰਟਲ, ਰਾਣੀਪੁਰ ਮੰਡੀ ਵਿੱਚ 1326, ਰਿਹਾਣਾ ਜੱਟਾਂ ਮੰਡੀ ਵਿੱਚ 5066, ਰਾਵਲਪਿੰਡੀ ਮੰਡੀ ਵਿੱਚ 2239 ਕੁਇੰਟਲ ਅਤੇ ਪਾਸ਼ਟਾਂ ਮੰਡੀ ਵਿਚ 2313 ਕੁਇੰਟਲ ਝੋਨੇ ਦੀ ਖਰੀਦ ਦਾ ਕੰਮ ਮੁਕੰਮਲ ਕਰ ਲਿਆ ਗਿਆ ਹੈ। ਇਸ ਮੌਕੇ ਕਿਸਾਨਾਂ ਅਤੇ ਆੜ੍ਹਤੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਫ਼ਸਲਾਂ ਦੀ ਖ਼ਰੀਦ ਅਤੇ ਲਿਫਟਿੰਗ ਦਾ ਕੰਮ ਸਮੇਂ ਸਿਰ ਯਕੀਨੀ ਬਣਾਇਆ ਜਾ ਰਿਹਾ ਹੈ। ਜੇਕਰ ਕੋਈ ਸਮੱਸਿਆ ਜਾਂ ਰੁਕਾਵਟ ਆਉਂਦੀ ਹੈ ਤਾਂ ਉਨ੍ਹਾਂ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾ ਸਕੇ। ਮਾਨ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਕਿਸਾਨਾਂ ਅਤੇ ਆੜ੍ਹਤੀਆਂ ਦੇ ਨਾਲ-ਨਾਲ ਮੰਡੀ ਮਜ਼ਦੂਰਾਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦੇਵੇਗੀ। ਇਹ ਸਰਕਾਰ ਸਾਰੇ ਵਰਗਾਂ ਦੇ ਹਿੱਤਾਂ ਦਾ ਬਰਾਬਰ ਖਿਆਲ ਰੱਖੇਗੀ। ਇਸ ਦੌਰਾਨ ਉਨ੍ਹਾਂ ਮੰਡੀਆਂ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਮੰਡੀ ਮੁਲਾਜ਼ਮਾਂ ਨੂੰ ਲੋੜੀਂਦੇ ਸੁਝਾਅ ਦਿੱਤੇ। ਉਨ੍ਹਾਂ ਕਿਸਾਨਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਸਰਕਾਰੀ ਮਿਆਰ ਤੋਂ ਵੱਧ ਨਮੀ ਵਾਲੀ ਫ਼ਸਲ ਮੰਡੀ ਵਿੱਚ ਨਾ ਲਿਆਉਣ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਫ਼ਸਲ ਦੀ ਪੂਰੀ ਕੀਮਤ ਵਸੂਲੀ ਜਾ ਸਕੇ। ਇਸ ਮੌਕੇ ਸਤਪਾਲ ਇੰਸਪੈਕਟਰ ਵੇਅਰ ਹਾਊਸ, ਪਰਮ ਪ੍ਰਕਾਸ਼ ਮੰਡੀ ਸੁਪਰਵਾਈਜ਼ਰ, ਬਲਜਿੰਦਰ ਸਿੰਘ ਦਮਨਪ੍ਰੀਤ ਸਿੰਘ ਇੰਸਪੈਕਟਰ, ਆੜ੍ਹਤੀ ਹੁਸਨ ਸਿੰਘ ਘੁੰਮਣ, ਕੁਲਵੰਤ ਪੱਬੀ, ਹਰਦਿਆਲ ਸਿੰਘ ਵਾਹਦ, ਸੀਨੀਅਰ ਆਗੂ ਹਰਮੇਸ਼ ਪਾਠਕ, ਵਿਜੇ ਬਸੰਤ ਨਗਰ, ਪ੍ਰਿਤਪਾਲ ਕੌਰ ਤੁਲੀ, ਗੁਰਦੀਪ ਸਿੰਘ ਤੁਲੀ, ਚਮਨ ਲਾਲ, ਰਣਜੀਤ ਪਾਲ ਪਾਬਲਾ, ਇੰਦਰਜੀਤ, ਸਰਬਜੀਤ ਸਿੰਘ, ਰਾਜਾ ਕੌਂਸਲਰ ਬਲਾਕ ਪ੍ਰਧਾਨ, ਪਰਮਜੀਤ ਧਰਮਸੋਤ, ਅਮਨਦੀਪ ਕੌਰ, ਰਜਿੰਦਰ ਢੰਡਾ, ਜਿੰਦਰ ਰਸੀਲਾ, ਮਨਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਨਿਰਮਲ ਸਿੰਘ, ਸੌਰਵ ਹਾਂਡਾ, ਕੇਵਿਨ ਸਿੰਘ ਆਦਿ ਹਾਜ਼ਰ ਸਨ

ਰੋਜ਼ਾਨਾ ਲੋਕ ਬਾਣੀ www.lokbani

# 15 ਅਕਤੂਬਰ ਨੂੰ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ ਵੋਟਾਂ-ਡਿਪਟੀ ਕਮਿਸ਼ਨਰ



ਗੁਰਦਾਸਪੁਰ-ਨਵਨੀਤ ਕੁਮਾਰ -

ਡਿਪਟੀ ਕਮਿਸ਼ਨਰ, ਸ੍ਰੀ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਚੋਣਾਂ ਲਈ 15 ਅਕਤੂਬਰ ਨੂੰ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਵੋਟਾਂ ਪੈਣਗੀਆਂ। ਇਸ ਤੋਂ ਬਾਅਦ ਵੋਟਾਂ ਦੀ ਗਿਣਤੀ ਸ਼ੁਰੂ ਹੋਵੇਗੀ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਦੱਸਿਆ ਕਿ ਪੋਲਿੰਗ ਸਟੇਸ਼ਨ ਵਿਖੇ ਪਛਾਣ ਦੇ ਪ੍ਰਮਾਣ ਵਜੋਂ ਨਾਗਰਿਕ ਆਪਣਾ ਵੋਟਰ ਕਾਰਡ, ਆਧਾਰ ਕਾਰਡ, ਪੈਨ ਕਾਰਡ, ਪਾਸਪੋਰਟ, ਮਨਰੇਗਾ ਨੌਕਰੀ ਕਾਰਡ, ਡਰਾਈਵਿੰਗ ਲਾਈਸੈਂਸ, ਰਾਸ਼ਨ ਕਾਰਡ ਅਤੇ ਨੀਲਾ ਕਾਰਡ ਦਿਖਾ ਕੇ ਆਪਣੀ ਵੋਟ ਦਾ ਇਸਤੇਮਾਲ ਕਰ ਸਕਦਾ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਤੋਂ ਇਲਾਵਾ ਨਾਗਰਿਕ ਪਾਸਬੁੱਕ ਬੈਂਕ/ਡਾਕਖਾਨੇ ਵੱਲੋਂ ਜਾਰੀ ਹੋਈ (ਤਸਵੀਰਾਂ ਦੇ ਨਾਲ), ਸਿਹਤ ਬੀਮਾ ਸਮਾਰਟ ਕਾਰਡ ਕਿਰਤ ਮੰਤਰਾਲੇ ਵਲੋਂ ਜਾਰੀ, ਸਰਵਿਸ ਪਛਾਣ ਪੱਤਰ (ਤਸਵੀਰ ਦੇ ਨਾਲ) ਕੇਂਦਰ/ਸੂਬਾ ਸਰਕਾਰ/ਪੀ.ਐਸ.ਯੂ/ ਜਨਤਕ ਲਿਮਿਟਡ ਕੰਪਨੀਆਂ ਵੱਲੋਂ ਕਰਮਚਾਰੀਆਂ ਨੂੰ ਜਾਰੀ, ਸਮਾਰਟ ਕਾਰਡ ਆਰ.ਜੀ.ਆਈ ਦੁਆਰਾ ਐਨ.ਪੀ.ਆਰ ਤਹਿਤ ਜਾਰੀ, ਪੈਨਸ਼ਨ ਦਸਤਾਵੇਜ (ਤਸਵੀਰ ਦੇ ਨਾਲ), ਅਧਿਕਾਰਤ ਪਛਾਣ ਪੱਤਰ ਐਮ.ਪੀ/ਐਮ.ਐਲ.ਏ ਨੂੰ ਜਾਰੀ, ਯੂਨੀਕ ਅਪਾਹਜਤਾ ਆਈ ਕਾਰਡ (ਯੂ.ਡੀ.ਆਈ.ਡੀ) ਸਮਾਜਿਕ ਨਿਆਂ ਅਤੇ ਅਧਿਕਾਰਤ ਮੰਤਰਾਲਾ ਵਿਭਾਗ, ਭਾਰਤ ਸਰਕਾਰ ਦੁਆਰਾ ਜਾਰੀ ਕਾਰਡ ਦਿਖਾ ਕੇ ਆਪਣੀ ਵੋਟ ਦਾ ਇਸਤੇਮਾਲ ਕਰ ਸਕਦਾ ਹੈ।

ਰੋਜ਼ਾਨਾ ਲੋਕ ਬਾਣੀ www.lokbani

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਖਾਲਸਾ ਸਕੂਲ ਵਿਖੇ ਮਨਾਇਆ ਗਿਆ ਫੂਡ ਫੈਸਟ



ਸ੍ਰੀ ਅਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ) ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਸਾਰਿਆਂ ਤੋਂ ਪੁਰਾਣੀ ਵਿਦਿਅਕ ਸੰਸਥਾ ਐਸ.ਜੀ.ਐਸ. ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਾਮਰਸ ਵਿਦਿਆਰਥੀਆਂ ਵਲੋਂ ਫੂਡ ਫੈਸਟ ਮਨਾਇਆ ਗਿਆ। ਜਿਸ ਵਿੱਚ ਸਕੂਲ ਮੁੱਖੀ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਵਿਸ਼ੇਸ਼ ਤੌਰ ਤੇ ਸਿ਼ਰਕਤ ਕੀਤੀ। ਇਸ ਮੇਲੇ ਵਿੱਚ ਕਾਮਰਸ ਵਿਦਿਆਰਥੀਆਂ ਦੀਆਂ ਪੰਜ ਟੀਮਾਂ ਨੇ ਭਾ ਲਿਆ। ਜਿਸ ਵਿੱਚ ਘਰੇਲੂ ਸਮਾਨ ਤੋਂ ਬਣਾਏ ਪਕਵਾਨਾਂ ਦੀ ਮੁਕਾਬਲੇਬਾਜੀ ਹੋਈ। ਇਸ ਮੇਲੇ ਦਾ ਉਦੇਸ਼ ਵਿਦਿਆਰਥੀਆਂ ਨੂੰ ਲਾਗਤ, ਆਮਦਨ ਅਤੇ ਖਰਚ ਸਬੰਧੀ ਜਾਣਕਾਰੀ ਦੇਣਾ ਸੀ। ਪ੍ਰਿੰਸੀਪਲ ਵਾਲੀਆ ਨੇ ਦੱਸਿਆ ਕਿ ਇਹਨਾਂ ਟੀਮਾਂ ਵਲੋਂ ਬਣਾਏ ਗਏ ਪਕਵਾਨਾਂ ਦੀ ਵਿਕਰੀ ਕੀਤੀ ਗਈ। ਜਿਸ ਦੌਰਾਨ ਬੀ. ਟੀਮ ਨਾਲ ਸਬੰਧਿਤ ਅਸ਼ੀਸ਼, ਵਰੁਣ, ਕੁਲਵਿੰਦਰ, ਮਹਿੰਦਰਪਾਲ ਅਤੇ ਸੁਭਵ ਦੀ ਟੀਮ ਨੇ 500 ਰੁਪਏ ਵੱਧ ਕਮਾ ਕੇ ਪਹਿਲਾ ਸਥਾਨ ਹਾਸਲ ਕੀਤਾ। ਜਦੋਂਕਿ ਟੀਮ ਡੀ. ਦੇ ਗਗਨ, ਹਰਮਨਪ੍ਰੀਤ, ਹਰਜੀਤ, ਗੁਰਪ੍ਰੀਤ ਅਤੇ ਕਰਨ ਵਲੋਂ ਦੂਜਾ ਸਥਾਨ ਹਾਸਲ ਕੀਤਾ ਗਿਆ। ਜਿਸ ਤੋਂ ਬਾਅਦ ਟੀਮਾਂ ਨੂੰ ਇਨਾਮ ਵੀ ਤਕਸੀਮ ਕੀਤੇ ਗਏ।ਉਨ੍ਹਾਂ ਕਿਹਾ ਕਿ ਇਹਨਾਂ ਮੇਲਿਆ ਰਾਹੀ ਵਿਦਿਆਰਥੀਆਂ ਵਿੱਚ ਪ੍ਰੰਪਰਾਗਤ ਸਿੱਖਿਆ ਦੇ ਨਾਲ ਪ੍ਰਯੋਗੀ ਸਿੱਖਿਆ ਦੀ ਵੀ ਭਾਵਨਾ ਪੈਦਾ ਹੁੰਦੀ ਹੈ।ਉਨ੍ਹਾ ਕਿਹਾ ਕਿ ਇਸ ਮੇਲੇ ਵਿੱਚ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਮੌਕੇ ਸੁਰਜੀਤ ਕੌਰ, ਹਰਪ੍ਰੀਤ ਕੌਰ ਸਮੇਤ ਸਮੂਹ ਸਟਾਫ ਅਤੇ ਕਾਮਰਸ ਵਿਭਾਗ ਦੇ ਵਿਦਿਆਰਥੀ ਹਾਜਰ ਸਨ।

ਸ੍ਰੀ ਅਨੰਦਪੁਰ ਸਾਹਿਬ ਦੇ ਖਾਲਸਾ ਸਕੂਲ ਵਿਖੇ ਕਾਮਰਸ ਵਿਭਾਗ ਦੇ ਵਿਦਿਆਰਥੀਆਂ ਦੇ ਕਰਵਾਏ ਗਹੇ ਫੂਡ ਫੈਸਟ ਵਿੱਚ ਸਿ਼ਰਕਤ ਕਰਦੇ ਹੋਏ ਸਕੂਲ ਮੁੱਖੀ ਪ੍ਰਿੰਸੀਪਲ ਵਾਲੀਆ ਤੇ ਹੋਰ।

ਰੋਜ਼ਾਨਾ ਲੋਕ ਬਾਣੀ www.lokbani

# ਕੈਪਸ਼ਨ



ਰੋਜ਼ਾਨਾ ਲੋਕ ਬਾਣੀ www.lokbani

ਰਾਮ ਸ਼ਰਨਮ ਕਲੋਨੀ ਚ ਕੀਤਾ ਗਿਆ ਕੰਜਕ ਪੂਜਨ (ਫ਼ੋਟੋ - ਨਵਨੀਤ ਗੁਦਾਸਪੁਰ )

# ਅੰਨੇ ਕਤਲ ਦੀ ਗੁੱਥੀ ਨੂੰ ਸੁਲਝਾਉਦੇ ਫਗਵਾੜਾ ਪੁਲਿਸ ਵੱਲੋ 02 ਨੌਜਵਾਨ ਗ੍ਰਿਫਤਾਰ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸ੍ਰੀਮਤੀ ਵਤਸਲਾ ਗੁਪਤਾ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਦੇ ਦਿਸ਼ਾ ਨਿਰਦੇਸ਼ਾ ਤਹਿਤ ਸਬ ਡਬੀਜਨ ਫਗਵਾੜਾ ਪੁਲਿਸ ਟੀਮ ਵੱਲੋ ਮਾੜੇ ਅਨਸਰਾ ਖਿਲਾਫ ਚਲਾਈ ਮੁਹਿੰਮ ਦੌਰਾਨ ਪਿੰਡ ਖਜੂਰਲਾ ਵਿਖੇ ਹੋਏ ਇੱਕ ਪਰਵਾਸੀ ਦੇ ਕਤਲ ਦੇ ਮਾਮਲੇ ਨੂੰ ਸੁਲਝਾ ਕੇ ਦੋ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਹੈ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਐਸ ਐਸ ਪੀ ਕਪੂਰਥਲਾ ਸ੍ਰੀਮਤੀ ਵਤਸਲਾ ਗੁਪਤਾ ਨੇ ਦੱਸਿਆ ਕਿ ਮਿਤੀ 05-10-2024 ਨੂੰ ਹਰਿਦਰ ਕੁਮਾਰ ਉਰਫ ਹੈਪੀ ਪੁੱਤਰ ਅਮਰਜੀਤ ਕੁਮਾਰ ਪੁੱਤਰ ਹੁਸਨ ਲਾਲਾ ਵਾਸੀ ਪਿੰਡ ਖਜੂਰਲਾ ਥਾਣਾ ਸਦਰ ਫਗਵਾੜਾ ਜ਼ਿਲ੍ਹਾ ਕਪੂਰਥਲਾ ਨੇ ਸੂਚਨਾ ਦਿੱਤੀ ਸੀ ਕਿ ਉਹ ਪਿੰਡ ਖਜੂਰਲ ਵਿਖੇ ਕਰਿਆਣੇ ਦੀ ਦੁਕਾਨ ਕਰਦਾ ਹਾ ਪਿੰਡ ਖਜੂਰਲਾ ਵਿਖੇ ਉਸਨੇ ਕੁਆਟਰ ਟਾਇਪ ਕਮਰੇ ਬਣਾ ਕੇ ਪਰਵਾਸੀ ਮਜਦੂਰਾ ਨੂੰ ਕਿਰਾਏ ਪਰ ਦਿਤੇ ਹਨ ਇਹਨਾ ਵਿਚੋਂ ਇੱਕ ਕਮਰੇ ਵਿੱਚ ਅਭਿਮੰਨ ਸਿੰਘ ਪੁੱਤਰ ਸਿਵ ਸਹਾਏ ਸਿੰਘ ਵਾਸੀ ਸ਼ਾਮ ਪਲਾਟ ਨੰਬਰ 432 ਪਾਂਡਵ ਨਗਰ ਕਰਕਰਕੁੰਮਾ ਈਸਟ ਦਿੱਲੀ ਕਿਰਾਏ ਪਰ ਰਹਿੰਦਾ ਸੀ ਇਸਦੇ ਨਾਲ ਦੇ ਕਮਰੇ 03 ਪਰਵਾਸੀ ਰਹਿੰਦੇ ਸਨ ਤੇ ਪਿਛਲੇ ਪਾਸੇ ਵਾਲੇ ਕੁਆਟਰ ਵਿੱਚ 02 ਭਰਾ ਕਿਰਾਏ ਪਰ ਰਹਿੰਦੇ ਸਨ ਅੱਜ ਵਕਤ ਕਰੀਬ 03 ਵਜੇ ਸ਼ਾਮ ਘਰ ਹਾਜਰ ਸੀ ਤੇ ਮੇਰੇ ਕਿਰਾਏਦਾਰ ਮੁੰਹਮਦ ਮੁੰਨਾ ਪੁੱਤਰ ਸ਼ਫੀ ਅਹਿਮਦ ਨੇ ਮੈਨੂੰ ਆ ਕੇ ਦੱਸਿਆ ਕਿ ਅਭਿਮੰਨੂ ਕੋ ਕਿ ਮੇਰੇ ਕਿਰਾਏਦਾਰ ਮੁੰਹਮਦ ਮੁੰਨਾ ਪੁੱਤਰ ਸ਼ਫੀ ਅਹਿਮਦ ਨੇ ਮੈਨੂੰ ਆ ਕੇ ਦੱਸਿਆ ਕਿ ਅਭਿਮੰਨੁ ਮਿਤੀ 03/10/2024 ਸ਼ਾਮ ਤੋਂ ਬਾਅਦ ਦਿਖਾਈ ਨਹੀ ਦਿੱਤਾ ਕਿ ਜਿਸਦੇ ਕਮਰੇ ਨੂੰ ਬਾਹਰੇ ਤਾਲਾ ਲੱਗਾ ਹੋਇਆ ਹੈ ਕਮਰੇ ਦੇ ਅੰਦਰ ਕਾਫੀ ਬਦਬੂ ਆ ਰਹੀ ਹੈ ਜਿਸਤੇ ਮੈਂ ਆਪਣੇ ਪਿੰਡ ਦੇ ਸਰਪੰਚ ਅਜੈ ਕੁਮਾਰ ਪੁੱਤਰ ਗੁਰਮੇਲ ਸਿੰਘ ਵਾਸੀ ਪਿੰਡ ਖਜੂਰਲਾ ਨੂੰ ਫੋਨ ਪਰ ਦੱਸਿਆ ਜਿਸਨੇ ਮੌਕਾ ਪਰ ਆ ਕੇ ਰੋਸ਼ਨਦਾਨ ਵਿੱਚ ਦੇਖਿਆ ਕਿ ਅਭਿਮਨ ਸਿੰਘ ਕਮਰੇ ਵਿੱਚ ਫਰਸ਼ ਵਿੱਚ ਪਿਆ ਹੈ ਤੇ ਕਮਰੇ ਵਿਚੋ ਬਹੁਤ ਬਦਬੂ ਆ ਰਹੀ ਹੈ ਜਿਸ ਪਰ ਆਪ ਨੂੰ ਇਤਲਾਹ ਕੀਤੀ ਗਈ ਜੋ ਆਪ ਪੁਲਿਸ ਪਾਰਟੀ ਸਮੇਤ ਮੌਕਾ ਪਰ ਆਏ ਤੇ ਆਪ ਨੇ ਆਪਣੀ ਹਾਜਰੀ ਵਿੱਚ ਮਿਸਤਰੀ ਦਾ ਇੰਤਜਾਮ ਕਮਰੇ ਦਾ ਤਾਲਾ ਕਟਵਾ ਕੇ ਅੰਦਰ ਜਾ ਕੇ ਦੇਖਿਆ ਕੇ ਅਭਿਮਨੂੰ ਸਿੰਘ ਦੀ ਖੂਨ ਨਾਲ ਲਥ-ਪਥ ਲਾਸ਼ ਫਰਸ਼ ਪਰ ਪਈ ਸੀ ਜਿਸਤੇ ਮਕਾਨ ਮਾਲਕ ਹਰਿੰਦਰ ਕੁਮਾਰ ਉਕਤ ਦੇ ਬਿਆਨ ਪਰ ਥਾਣਾ ਸਦਰ ਫਗਵਾੜਾ ਵਿਖੇ ਅਣਪਛਾਤੇ ਵਿਆਕਤੀਆਂ ਖ਼ਿਲਾਫ਼ ਮੁਕੱਦਮਾ ਨੰਬਰ 94 ਮਿਤੀ 05.10.2024 ਅ/ਧ 103(1), 238 2©♥ ਥਾਣਾ ਸਦਰ ਫਗਵਾੜਾ ਦਰਜ ਰਜਿਸਟਰਡ ਕੀਤਾ ਗਿਆ ਸੀ

ਇਸ ਮੁਕਦਮਾ ਨੂੰ ਗੰਭੀਰਤਾ ਨਾਲ ਲੈਦਿਆ ਹੋਇਆ ਸ੍ਰੀ ਵਤਸਲਾ ਗੁਪਤਾ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਦੇ ਦਿਸ਼ਾ ਨਿਰਦੇਸ਼ਾ ਤਹਿਤ ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਿਸ ਕਪਤਾਨ ਫਗਵਾੜਾ, ਅਤੇ ਭਾਰਤ ਭੂਸਨ ਉਪ ਪੁਲਿਸ ਕਪਤਾਨ ਸਬ ਡਵੀਜਨ ਫਗਵਾੜਾ ਦੀ ਯੋਗ ਅਗਵਾਈ ਵਿੱਚ ਸਬ ਇੰਸਪੈਕਟਰ ਅਮਨਦੀਪ ਕੁਮਾਰ ਮੁੱਖ ਅਫਸਰ ਥਾਣਾ ਸਦਰ ਫਗਵਾੜਾ ਅਤੇ ਐਸ. ਆਈ ਬਿਸਮਨ ਸ਼ਾਹੀ ਇੰਨਚਾਰਜ ਸੀ.ਆਈ.ਏ ਸਟਾਫ ਫਗਵਾੜਾ ਦੀ ਪੁਲਿਸ ਪਾਰਟੀ ਨੇ ਤਫਤੀਸ਼ ਅਧੁਨਿਕ ਢੰਗ ਤਰੀਕਿਆ ਨਾਲ ਅਤੇ ਵਾਰਦਾਤ ਦੇ ਆਸ ਪਾਸ ਲੱਗੇ ਸੀ.ਸੀ.ਟੀ.ਵੀ ਕੈਮਰਿਆ ਨੂੰ ਖੰਗਾਲਿਆ ਗਿਆ ਮਿਤੀ 12-10-2024 ਨੂੰ ਮੁਹੰਮਦ ਮੁੰਨਾ ਪੁੱਤਰ ਸ਼ਫੀ ਅਹਿਮਦ ਵਾਸੀ ਮਕਾਨ ਨੰਬਰ 1244 ਗਲੀ ਨੰ 03 ਮੁਹੱਲਾ ਨਾਲਾ ਰੋਡ ਬੈਕ ਸਾਈਡ ਡੀ.ਸੀ ਕਾਪਾਸੇੜਾ ਬਾਰਡਰ ਨਵੀ ਦਿੱਲੀ ਅਤੇ ਮੁਹੰਮਦ ਫਿਰੋਜ ਉਰਫ ਅਜੈ ਕੁਮਾਰ ਪੁੱਤਰ ਸ਼ਫੀ ਅਹਿਮਦ ਉਰਫ ਇੱਕਬਾਲ ਸਿੰਘ ਵਾਸੀ ਮਕਾਨ ਨੰਬਰ 1244 ਗਲੀ ਨੰ 03 ਮੁੱਹਲਾ ਨਾਲਾ ਰੋਡ ਬੈਕ ਸਾਈਡ ਡੀ.ਸੀ ਥਾਣਾ ਕਾਪਾਸੇੜਾ ਬਾਰਡਰ ਨਵੀ ਦਿੱਲੀ ਨੂੰ ਮੁਕੱਦਮਾ ਹਜਾ ਵਿੱਚ ਦੋਸ਼ੀ ਨਾਮਜਦ ਕਰਕੇ ਗ੍ਰਿਫਤਾਰ ਕੀਤਾ ਦੌਰਾਨੇ ਪੁਛਗਿੱਛ ਇਹਨਾ ਨੇ ਦੱਸਿਆ ਕਿ ਅਭਿਮਨਊ ਜੋ ਹਵੇਲੀ ਫਗਵਾੜਾ ਵਿਖੇ ਠੇਕੇਦਾਰੀ ਕਰਦਾ ਸੀ ਉਸਦੀ ਜਗ੍ਹਾ ਮੁਹੰਮਦ ਮੁੰਨਾ ਹਵੇਲੀ ਵਿੱਚ ਠੇਕੇਦਾਰ ਲੱਗਣਾ ਚਾਹੁੰਦਾ ਸੀ ਜਿਸ ਕਾਰਨ ਇਹਨਾ ਦੌਨਾਂ ਦੇ ਰਲ ਕੇ ਅਭਿਮਨਊ ਦਾ ਕਤਲ ਕਰ ਦਿੱਤਾ ਤੇ ਉਸਦੀ ਲਾਸ਼ ਕਮਰੇ ਵਿੱਚ ਬੰਦ ਕਰਕੇ ਲਾਕ ਲਗਾ ਦਿੱਤਾ ਸੀ ਕਿ ਕਿਸੇ ਨੂੰ ਪਤਾ ਨਹੀ ਲੱਗੇਗਾ

ਰੋਜ਼ਾਨਾ ਲੋਕ ਬਾਣੀ www.lokbani

# ਥਾਣਾ ਬੰਗਾ ਵਿਖੇ ਧੋਖਾਧੜ੍ਹੀ ਦਾ ਟ੍ਰੈਵੈਲਜ਼ ਏਜੰਟ ਖਿਲਾਫ ਮਾਮਲਾ ਦਰਜ:ਥਾਣਾ ਮੁੱਖੀ

ਸਹੀਦ ਭਗਤ ਸਿੰਘ ਨਗਰ (ਰਮੇਸ਼ ਸਰਮਾ/ਮਨਪ੍ਰੀਤ ਵਾਸੂ)ਇਹ ਮੁਕੱਦਮਾ ਬਰ- ਦਰਖਾਸਤ ਨੰਬਰੀ 998-ਪੇਸ਼ੀ ਮਿਤੀ 14.06.2024 ਵਲੋ ਸੁਖਵੀਰ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਪਿੰਡ ਮੱਲੂਪੋਤਾ,ਤਹਿਸੀਲ ਬੰਗਾ, ਜਿਲਾ ਸ਼ਹੀਦ ਭਗਤ ਸਿੰਘ ਨਗਰ ਬਾਅਦ ਪੜਤਾਲ ਦਰਜ ਰਜਿਸਟਰ ਕੀਤਾ ਗਿਆ।ਸੇਵਾ ਵਿਖੇ ਮਾਨਯੋਗ ਐਸ.ਐਸ.ਪੀ ਸਾਹਿਬ,ਸ਼ਹੀਦ ਭਗਤ ਸਿੰਘ ਨਗਰ।ਬੇਨਤੀ ਹੈ ਕਿ ਮੈਂ ਸੁਖਵੀਰ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਪਿੰਡ ਮੱਲੂਪੋਤਾ, ਤਹਿਸੀਲ ਬ ੰਗਾ, ਜਿਲਾ ਸ਼ਹੀਦ ਭਗਤ ਸਿੰਘ ਨਗਰ ਦਾ ਰਹਿਣ ਵਾਲਾ ਹਾ ਅਤੇ ਮੈਂ ਆਪਣੇ ਪਿਤਾ ਨਾਲ ਪਿੰਡ ਮੱਲੂਪੋਤਾ ਵਿਚ ਖੇਤੀਬਾੜੀ ਦਾ ਕੰਮ ਕਰਦਾ ਹਾਂ। ਇਹ ਕਿ ਸਾਡੇ ਪਿੰਡ ਦਾ ਸੰਦੀਪ ਕੋਸ਼ਲ,ਮਨਜੀਤ ਸਿੰਘ ਉਰਫ ਮਨੀ ਨਾਲ ਮਿਲ ਕੇ ਟਰੈਵਲ ਏਜੰਟ ਦਾ ਕੰਮ ਕਰਦਾ ਹੈ।ਇਹ ਕਿ ਮੇਰੇ ਪਿਤਾ ਨੇ ਸੰਦੀਪ ਕੌਸਲ ਨਾਲ ਮੈਨੂੰਅਮਰੀਕਾ ਭੇਜਣ ਬਾਰੇ ਗੱਲਬਾਤ ਕੀਤੀ ਤਾਂ ਸ ਂਦੀਪ ਕੌਸ਼ਲ ਨੇ ਮੇਰੇ ਪਿਤਾ ਪਾਸੋਂ 40,00,000/-ਰੁਪਏ ਦੀ ਮੰਗ ਕੀਤੀ, 8,000 ਡਾਲਰ ਪਹਿਲਾਂ ਲੈਣਾ ਸੀ ਬਾਕੀ ਪੈਸੇ ਅਮਰੀਕਾ ਪਹੁੰਚਾਉਣ ਤੋਂ ਬਾਅਦ ਲੈਣੇ ਸੀ।ਅਸੀਂ ਇਹਨਾਂ ਦੀਆਂ ਗੱਲਾਂ ਵਿਚ ਆ ਗਏ ਤਾਂ ਮੈਂ ਆਪਣਾ ਪਾਸਪੋਰਟ ਇਹਨਾਂ ਨੂੰ ਦੇ ਦਿੱਤਾ। ਇਹਨਾਂ ਨੇ ਮੇਰੇ ਪਾਸਪੋਰਟ ਤੇ ਦੁਬਈ ਦਾ ਵੀਜਾ ਲਗਵਾ ਕੇ ਦਿੱਤਾ ਅਤੇ ਅਸੀਂ ਇਹਨਾਂ ਨੂੰ ਅਮ੍ਰਿਤਸਰ ਜਾਣ ਵੇਲੇ 8,000 ਡਾਲਰ ਦੇ ਦਿੱਤਾ ਅਤੇ ਇਹਨਾਂ ਨੇ ਮੈਨੂੰ ਮਿਤੀ 27/4/2023 ਨੂੰ ਦੁਬਈ ਚੜ੍ਹਾ ਦਿੱਤਾ। ਮੈਂ ਦੁਬਈ ਜਾ ਕੇ ਇੱਕ ਮਹੀਨਾ ਰਿਹਾ। ਜਿੱਥੇ ਸਾਰਾ ਖਰਚਾ ਮੈਂ ਖੁੱਦ ਕੀਤਾ। ਦੁਬਈ ਜਾਣ ਵੇਲੇ ਇਹਨਾਂ ਏਜੰਟਾਂ ਨੇ ਕਿਹਾ ਕਿ 15 ਦਿਨਾਂ ਦੇ ਵਿਚ ਅਮਰੀਕਾ ਭੇਜ ਦੇਵੇਗਾ। ਜਦੋਂ ਇਹਨਾਂ ਨੇ ਮੈਨੂੰ ਦੁਬਈ ਤੋਂ ਅਮਰੀਕਾ ਨਹੀਂ ਭੇਜਿਆ ਤਾਂ ਇਹਨਾਂ ਨਾਲ ਗੱਲਬਾਤ ਕੀਤਾ ਤਾਂ ਇਹਨਾਂ ਨੇ ਮੈਨੂੰ ਡੁਬਈ ਤੋਂ ਇੰਡੀਆ ਲਿਆ ਕੇ ਉਸੇ ਦਿਨ ਥਾਈਲੈਂਡ ਭੇਜ਼ ਦਿੱਤਾ ਅਤੇ ਕਿਹਾ ਕਿ ਤੇਰੀ ਫਲਾਈਟ ਥਾਈਲੈਂਡ ਤੋਂ ਅਮਰੀਕਾ ਜਾਣੀ ਹੈ। ਪਰ ਥਾਈਲੈਂਡ ਜਾ ਕੇ ਮੈਂ ਆਪਣੇ ਖਰਚੇ ਤੇ ਥਾਈਲੈਂਡ ਰਹਿੰਦਾ ਰਿਹਾ। ਫਿਰ ਸੰਦੀਪ ਕੋਸ਼ਲ ਮੇਰੇ ਘਰੋਂ 65,000/ਰੁਪਏ ਹੋਰ ਲੈ ਗਿਆ। ਥਾਈਲੈਂਡ ਤੋਂ ਫਿਰ ਮੈਨੂੰ ਦੁਬਾਰਾ ਦੁਬਈ ਭੇਜ ਦਿੱਤਾ। ਮੈਂ ਦੁਬਈ ਵਿਚ ਤਕਰੀਬਨ 3 ਮਹੀਨੇ ਰਿਹਾ ਅਤੇ ਆਪਣੀ ਭੈਣ ਰਜਵਿੰਦਰ ਕੋਲੋਂ 500 ਡਾਲਰ ਮੰਗਵਾਇਆ। ਮੈਂ 3 ਮਹੀਨੇ ਲਗਾਤਾਰ ਡੁਬਈ ਰਿਹਾ ਅਤੇ ਇਹਨਾਂ ਏਜੰਟਾਂ ਨੇ ਮੈਨੂੰ ਅਮਰੀਕਾ ਨਹੀਂ ਭੇਜਿਆ। ਸਾਡੇ ਪੈਸ ੇ ਆਪ ਹੜੱਪ ਕਰ ਲਏ। ਮੈਂ ਟਿੱਕਟ ਲੈ ਕੇ ਵਾਪਿਸ ਇੰਡੀਆ ਆ ਗਿਆ ਕਿਉ ਂਕਿ ਮੇਰੇ ਕੋਲ ਪੈਸ ੇ ਖਤਮ ਹੋ ਗਏ ਸੀ। ਫਿਰ ਸੰਦੀਪ ਕੌਸ਼ਲ ਨਾਲ ਗੱਲ ਕੀਤੀ ਅਤੇ ਪੈਸ ੇ ਵਾਪਿਸ ਮੰਗੇ ਤਾਂ ਇਹਨਾਂ ਨੇ ਫਿਰ ਮੈਨੂੰ ਗੱਲਾਂ ਵਿਚ ਲੈ ਲਿਆ ਅਤੇ ਕਹਿਣ ਲੱਗਾ ਕਿ ਹੁਣ ਤੈਨੂੰ ਸਿੱਧਾ ਅਮਰੀਕਾ ਭੇਜ ਦੇਣਾ ਹੈ ਅਤੇ 3 ਲੱਖ ਰੁਪਏ ਹੋਰ ਅਡਵਾਂਸ ਮੰਗੇ ਜੋ ਤਿੰਨ ਲੱਖ ਰੁਪਏ ਅਸੀਂ ਇਹਨਾਂ ਦੇ ਕਹਿਣ ਤੇ ਇਹਨਾਂ ਦੇ ਦੱਸੇ ਹੋਏ ਅਕਾਉਟ ਵਿਚ ਜਮ੍ਹਾ ਕਰਵਾ ਦਿੱਤੇ ਤਾਂ ਇਹਨਾਂ ਦੋਵਾਂ ਏਜੰਟਾ ਨੇ ਕਿਹਾ ਕਿ 10 ਲੱਖ ਰੁਪਏ ਸ਼ੋ ਅ ਮਨੀ ਦਿਖਾਣੀ ਹੈ ਤੇ ਸ਼ੋਅ ਮਨੀ ਦਿਖਾਉਣ ਦੇ 1,50,000/ ਰੁਪਏ ਵਿਆਜ ਤੌਰ ਤੇ ਮੰਗੇ ਤੇ ਮੇਰੇ ਕੋਲੋ 5 ਬਲੈਂਕ ਚੈੱਕ ਵੀ ਲੈ ਲਏ ਸੀ ਅਤੇ 1,50,000/ਰੁਪਏ ਮੇਰੇ ਕੋਲੋ ਸ਼ੋਅ ਮਨੀ ਦਾ ਵਿਆਜ ਵੀ ਲੈ ਲਿਆ ਪਰ ਪੈਸ ੇ ਮੇਰੇ ਕਿਸ ੇ ਪਾਸ ੇ ਵੀ ਸ਼ੋ ਅ ਨਹੀਂ ਕੀਤੇ। ਇਹ ਮੈਨੂੰ ਟੈਕਸੀ ਕਰਾ ਕੇ ਦਿੱਲੀ ਲੈ ਗਏ ਸ ੰਦੀਪ ਕੋਸ਼ਲ ਸਾਡੇ ਨਾਲ ਸੀ ਅਤੇ 11,000/ਰੁਪਏ ਟੈਕਸੀ ਦਾ ਕਿਰਾਇਆ ਵੀ ਅਸੀਂ ਦਿੱਤਾ ਪਰ ਇਹ ਮੈਨੂੰ ਦਿੱਲੀ ਤੋਂ ਘੁੰਮਾ ਕੇ ਵਾਪਿਸ ਪਿੰਡ ਮੱਲੂਪੋਤਾ ਲੈ ਆਏ। ਇਹਨਾਂ ਦੋਵਾਂ ਏਜੰਟਾਂ ਨੇ ਮੇਰੇ ਲੱਗਭੱਗ 12,50,000/ਰੁਪਏ ਦੀ ਠੱਗੀ ਮਾਰੀ ਹੈ  ਬਣਦੀ ਕਾਰਵਾਈ ਕੀਤੀ ਜਾਵੇ ਜੀ।ਜਿਸਤੇ ਉਕਤ ਮੁਕੱਦਮਾ ਦਰਜ ਰਜਿਸਟਰ ਕੀਤਾ ਗਿਆ।

ਰੋਜ਼ਾਨਾ ਲੋਕ ਬਾਣੀ www.lokbani

# 24 ਲੜੀਵਾਰ ਵਿਸ਼ੇਸ਼ ਗੁਰਮਤਿ ਸਮਾਗਮਾਂ ਦੀ ਸੰਪੂਰਨਤਾ ਗੁ: ਪਾਤਸ਼ਾਹੀ ੬ਵੀਂ ਪਿੰਡ ਦੁਰਗਾਪੁਰ ਵਿਖੇ ਹੋਵੇਗੀ ਭਲਕੇ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਹਰ ਸਾਲ ਦੀ ਤਰਾਂ ਕਰਵਾਏ ਜਾਂਦੇ ਮਹਾਨ ਕੀਰਤਨ ਦਰਬਾਰ ਨੂੰ ਸਮਰਪਿਤ ਗੁਰਮਤਿ ਸਮਾਗਮਾਂ ਦੀ ਲੜੀ ਦਾ 24ਵਾਂ ਅਤੇ ਸੰਪੂਰਨਤਾ ਸਮਾਗਮ ਕਲ ਮਿਤੀ 15 ਅਕਤੂਬਰ ਦਿਨ ਮੰਗਲਵਾਰ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਅਸਥਾਨ ਗੁਰਦੁਆਰਾ ਪਾਤਸ਼ਾਹੀ ੬ਵੀਂ ਪਿੰਡ ਦੁਰਗਾਪੁਰ ਵਿਖੇ ਸ਼ਾਮ 06:00 ਤੋਂ 09:00 ਵਜੇ ਤੱਕ ਕਰਵਾਇਆ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦੇ ਹੋਏ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਦੱਸਿਆ ਕਿ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿਛਲੇ ਪੰਜ ਸਾਲ ਤੋਂ ਜੋ ਮਹਾਨ ਕੀਰਤਨ ਦਰਬਾਰ ਖਾਲਸਾ ਸੀਨੀਅਰ ਸਕੂਲ ਦੀ ਗਰਾਊਂਡ ਵਿਖੇ ਹਰ ਸਾਲ ਕਰਵਾਏ ਜਾਂਦੇ ਹਨ, ਉਸ ਸੰਬੰਧ ਵਿਚ ਜਿਲਾ ਭਰ ਵਿਚ ਸੰਗਤਾਂ ਨੂੰ ਸੱਦਾ ਦੇਣ ਲਈ ਪਿਛਲੇ ਦੋ ਸਾਲ ਤੋਂ ਗੁਰਮਤਿ ਸਮਾਗਮਾਂ ਦੀ ਲੜੀ ਦਾ ਅਰੰਭ ਕੀਤਾ ਗਿਆ ਸੀ ਅਤੇ ਇਸ ਵਾਰ ਇਸ ਲੜੀ ਦੌਰਾਨ 24 ਸਮਾਗਮ ਕਰਵਾਏ ਜਾ ਰਹੇ ਹਨ ਜਿਨਾ ਦੀ ਸੰਪੂਰਨਤਾ ਮੰਗਲਵਾਰ ਸ਼ਾਮ ਦੇ ਗੁਰਮਤਿ ਸਮਗਾਮ ਨਾਲ ਹੋਵੇਗੀ। ਉਨਾ ਦੱਸਿਆ ਕਿ ਇਸ ਵਾਰ ਇਨਾ ਸਮਾਗਮਾਂ ਦੌਰਾਨ ਬਹੁਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਿੱਸਾ ਲਿਆ ਅਤੇ ਹਰ ਸਮਾਗਮ ਦੌਰਾਨ ਪ੍ਰਬੰਧਕਾਂ ਅਤੇ ਸੰਗਤਾਂ ਵਿਚ ਬਹੁਤ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਹਰ ਸਮਾਗਮ ਲਈ ਨਵਾਂਸ਼ਹਿਰ ਅਤੇ ਇਲਾਕੇ ਦੀਆਂ ਸੰਗਤਾਂ ਵਿਸ਼ੇਸ਼ ਬੱਸਾਂ, ਟ੍ਰੈਕਟਰ ਟਰਾਲੀਆਂ ਅਤੇ ਨਿੱਜੀ ਸਾਧਨਾਂ ਰਾਹੀਂ ਹੁੰਮਾ ਕੇ ਸਮਾਗਮ ਅਸਥਾਨ ਤੇ ਵੱਡੀ ਗਿਣਤੀ ਵਿਚ ਪਹੁੰਚੀਆਂ। ਉਨਾਂ ਨੇ ਸੰਪੂਰਨਤਾ ਸਮਾਗਮ ਵਿਚ ਸਮੁੱਚੇ ਇਲਾਕੇ ਦੀਆਂ ਸੰਗਤਾਂ ਨੂੰ ਹੁੰਮ ਹੁੰਮਾ ਕੇ ਪਹੁੰਚਣ ਲਈ ਅਪੀਲ ਕੀਤੀ। ਉਨਾਂ ਦੱਸਿਆ ਕਿ ਇਸ ਸਮਾਗਮ ਵਿਚ ਭਾਈ ਕਰਨੈਲ ਸਿੰਘ ਹਜੂਰੀ ਰਾਗੀ ਦਰਬਾਰ ਸਾਹਿਬ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰਨਗੇ ਅਤੇ ਪੰਥ ਦੇ ਪ੍ਰਸਿੱਧ ਕਥਾਵਾਚਕ ਗਿਆਨੀ ਮਨਦੀਪ ਸਿੰਘ ਮੁਰੀਦ ਸੰਗਰੂਰ ਵਾਲੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ। ਇਸ ਮੌਕੇ ਉਨ੍ਹਾਂ ਨੇ ਸ: ਗੁਰਬਖਸ਼ ਸਿੰਘ ਖਾਲਸਾ ਜੂਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵੀ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਜਿਨ੍ਹਾਂ ਦੇ ਉਪਰਾਲੇ ਸਦਕਾ ਇਹ ਸਮਾਗਮ ਇਸ ਇਤਿਹਾਸਕ ਅਸਥਾਨ ਤੇ ਕਰਵਾਏ ਜਾ ਰਹੇ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਦੀਦਾਰ ਸਿੰਘ ਗਹੂੰਣ, ਜਗਜੀਤ ਸਿੰਘ ਜਨਰਲ ਸਕੱਤਰ, ਜਗਦੀਪ ਸਿੰਘ, ਕੈਸ਼ੀਅਰ, ਇੰਦਰਜੀਤ ਸਿੰਘ ਬਾਹੜਾ, ਧਿਆਨ ਸਿੰਘ ਬਰਨਾਲਾ ਕਲਾਂ, ਸੁੱਚਾ ਸਿੰਘ ਬਰਨਾਲਾ ਕਲਾਂ, ਮਹਿੰਦਰ ਸਿੰਘ ਦੁਆਬਾ ਮਾਰਬਲ, ਚੈਨ ਸਿੰਘ ਅਤੇ ਮਨਜੀਤ ਸਿੰਘ ਵੀ ਮੌਜੂਦ ਸਨ।



ਰੋਜ਼ਾਨਾ ਲੋਕ ਬਾਣੀ
www.lokbani

# ਦਲਜੀਤ ਸਿੰਘ ਕਾਲਾ ਨੇ ਵੋਟਰਾਂ ਨੂੰ ਘੜੇ ਚੋਣ ਨਿਸ਼ਾਨ ਤੇ ਮੋਹਰਾਂ ਲਾਉਣ ਦੀ ਕੀਤੀ ਅਪੀਲ



ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਭਾਵੇਂ ਚੋਣਾਂ ਦਾ ਸਮਾਂ ਬਿਲਕੁਲ ਨੇੜੇ ਆ ਚੁੱਕਾ ਹੈ ਪ੍ਰੰਤੂ ਸਰਪੰਚੀ ਦੀ ਚੋਣ ਲੜ ਰਹੇ ਉਮੀਦਵਾਰਾਂ ਨੇ ਵੀ ਆਪਣੀਆਂ ਚੋਣ ਸਰਗਰਮੀਆਂ ਨੂੰ ਪੂਰੀ ਤਰ੍ਹਾ ਭਖਾ ਦਿੱਤਾ ਹੈ। ਇਸੇ ਲੜੀ ਤਹਿਤ ਪਿੰਡ ਕਾਲਾਬੂਲਾ ਦੀ ਰਾਖਵੀਂ ਸੀਟ ਤੋਂ ਸਰਪੰਚੀ ਲਈ ਚੋਣ ਮੈਦਾਨ ਵਿੱਚ ਨਿਤਰੇ ਦਲਜੀਤ ਸਿੰਘ ਕਾਲਾ ਨੇ ਵੀ ਘਰੋ ਘਰੀ ਜਾ ਕੇ ਚੋਣ ਪ੍ਰਚਾਰ ਤੇਜ਼ ਕਰਦਿਆਂ ਲੋਕਾਂ ਨੂੰ ਘੜੇ ਦੇ ਚੋਣ ਨਿਸ਼ਾਨ ਤੇ ਮੋਹਰਾਂ ਲਾਉਣ ਦੀ ਅਪੀਲ ਕੀਤੀ। ਉਨਾਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਮੇਰੇ ਪਿੰਡ ਅੰਦਰ ਅਜੇ ਵੀ ਬਹੁਤ ਸਾਰੇ ਵਿਕਾਸ ਕਾਰਜ ਅਧੂਰੇ ਹਨ ਜਿਨਾਂ ਨੂੰ ਪੂਰਾ ਕਰਨ ਉਹਨਾਂ ਦਾ ਮੁੱਖ ਮਕਸਦ ਹੋਵੇਗਾ। ਉਹਨਾਂ ਅੱਗੇ ਦੱਸਿਆ ਕਿ ਉਨਾਂ ਦੀ ਸਪੋਰਟ ਉੱਪਰ ਪਿੰਡ ਦੇ ਨੌਜਵਾਨ ਅਤੇ ਖਾਸ ਕਰ ਮਜ਼ਦੂਰ ਮਹਿਲਾਵਾਂ ਵੱਲੋਂ ਉਹਨਾਂ ਨੂੰ ਜਿਤਾਉਣ ਲਈ ਪੂਰੀ ਤਰਾਂ ਅੱਡੀ ਚੋਟੀ ਦਾ ਜ਼ੋਰ ਲਗਾਇਆ ਹੋਇਆ ਹੈ। ਜੇਕਰ ਪਰਮਾਤਮਾ ਨੇ ਉਹਨਾਂ ਨੂੰ ਇੱਕ ਵਾਰ ਮੌਕਾ ਦਿੱਤਾ ਤਾਂ ਉਹ ਪਿੰਡ ਦੀ ਜਰੂਰ ਕਾਇਆਕਲਪ ਕਰਨਗੇ। ਉਹਨਾਂ ਅੱਗੇ ਦੱਸਿਆ ਕਿ ਮੇਰੇ ਨਗਰ ਅੰਦਰ ਦਲਿਤ ਪਰਿਵਾਰਾਂ ਨੂੰ ਖੁਸ਼ੀ ਗਮੀ ਵਿੱਚ ਬੈਠਣ ਲਈ ਵਿਸ਼ੇਸ਼ ਸੈਡ ਦਾ ਪ੍ਰਬੰਧ ਕਰਵਾਉਣਾ, ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਦੂਰ ਕਰਵਾ ਕੇ ਖੇਡਾਂ ਵੱਲ ਪ੍ਰੇਰਿਤ ਕਰਨਾ, ਪਿੰਡ ਅੰਦਰ ਸੀਵਰੇਜ ਦਾ ਪ੍ਰਬੰਧ ਕਰਵਾਉਣਾ ਅਤੇ ਛੱਪੜਾਂ ਦੀ ਨਵੀਨੀਕਰਨ ਕਰਵਾ ਕੇ ਉਸ ਦੇ ਪਾਣੀ ਦੇ ਨਿਕਾਸ ਨੂੰ ਸਹੀ ਤਰ੍ਹਾਂ ਕਢਵਾਉਣਾ ਉਹਨਾਂ ਦਾ ਮੁੱਖ ਮਕਸਦ ਹੋਵੇਗਾ। ਉਹਨਾਂ ਸਮੂਹ ਨਗਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੀ 15 ਤਰੀਕ ਨੂੰ ਘੜੇ ਚੋਣ ਨਿਸ਼ਾਨ ਤੇ ਮੋਹਰਾਂ ਲਗਾ ਕੇ ਉਹਨਾਂ ਨੂੰ ਇੱਕ ਵਾਰ ਸੇਵਾ ਦਾ ਮੌਕਾ ਜਰੂਰ ਦੇਣ।

ਰੋਜ਼ਾਨਾ ਲੋਕ ਬਾਣੀ
www.lokbani

# ਬੀਬੀ ਬਲਜੀਤ ਕੌਰ ਵਿਰਕ ਨੇ ਵੋਟਰਾਂ ਨੂੰ ਫਰਿੱਜ ਦੇ ਚੋਣ ਨਿਸਾਨ ਤੇ ਮੋਹਰਾ ਲਾਉਣ ਦੀ ਕੀਤੀ ਅਪੀਲ




ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਜਿਵੇਂ ਜਿਵੇਂ ਪੰਚਾਇਤੀ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ ਤਿਉਂ ਤਿਉਂ ਉਮੀਦਵਾਰਾਂ ਵੱਲੋਂ ਵੀ ਆਪਣੀਆਂ ਚੋਣ ਸਰਗਰਮੀਆਂ ਵਿੱਚ ਦਿਨ ਰਾਤ ਇੱਕ ਕੀਤੀ ਹੋਈ ਹੈ। ਪਿੰਡ ਕਾਤਰੋਂ ਦੀ ਜਨਰਲ ਸੀਟ ਤੋਂ ਚੋਣ ਮੈਦਾਨ ਵਿੱਚ ਨਿਤਰੇ ਪੜ੍ਹੇ ਲਿਖੇ ਸੂਲਝੇ ਹੋਏ ਅਤੇ ਕਿਸਾਨੀ ਅੰਦੋਲਨ ਵਿੱਚ ਕੰਮ ਕਰ ਚੁੱਕੇ ਮੈਡਮ ਬੀਬੀ ਬਲਜੀਤ ਕੌਰ ਵਿਰਕ ਨੇ ਇੱਕ ਵੱਖਰੇ ਢੰਗ ਨਾਲ ਆਪਣੀ ਚੋਣ ਮੁਹਿੰਮ ਨੂੰ ਤੇਜ਼ ਕਰਦੇ ਹੋਏ ਵੋਟਰਾਂ ਨੂੰ ਫਰਿੱਜ ਚੋਣ ਨਿਸ਼ਾਨ ਤੇ ਮੋਹਰਾ ਲਾਉਣ ਦੀ ਅਪੀਲ ਕੀਤੀ। ਉਹਨਾਂ ਕਿਹਾ ਹੈ ਕਿ ਮੇਰੇ ਪਿੰਡ ਦੇ ਸੂਲਝੇ ਹੋਏ ਲੋਕਾਂ ਨੇ ਮੈਨੂੰ ਸਰਪੰਚੀ ਦੀ ਚੋਣ ਲੜਨ ਲਈ ਹੁਲਾਰਾ ਦਿੱਤਾ ਹੈ ਅਤੇ ਉਹ ਪੂਰੀ ਦਿਨ ਰਾਤ ਇੱਕ ਕਰਕੇ ਮੇਰੀ ਮਦਦ ਤੇ ਡਟੇ ਹੋਏ ਹਨ। ਬੀਬੀ ਵਿਰਕ ਨੇ ਅੱਗੇ ਦੱਸਿਆ ਕਿ ਅਜੇ ਵੀ ਪਿੰਡ ਅੰਦਰ ਬੇਹੱਦ ਵਿਕਾਸ ਕਾਰਜ ਅਧੂਰੇ ਹਨ ਜਿਨਾਂ ਨੂੰ ਲੋਕਾਂ ਦੇ ਸਹਿਯੋਗ ਨਾਲ ਪੂਰਾ ਕੀਤਾ ਜਾਵੇਗਾ। ਉਹਨਾਂ ਕਿਹਾ ਹੈ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀਆਂ ਨੇ ਸਾਨੂੰ ਵੋਟ ਦਾ ਹੱਕ ਦਿੱਤਾ ਹੈ ਤਾਂ ਜੋ ਅਸੀਂ ਆਪਣੀ ਮਨ ਮਰਜ਼ੀ ਦੇ ਚੰਗੇ ਅਤੇ ਅਗਾਹ ਵਧੂ ਸੋਚ ਰੱਖਣ ਵਾਲੇ ਉਮੀਦਵਾਰ ਨੂੰ ਚੁਣ ਸਕੀਏ। ਉਹਨਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਪੈਸੇ ਅਤੇ ਹੋਰ ਲਾਲਚਾਂ ਨੂੰ ਮੁੱਢ ਤੋਂ ਤਿਆਗਦੇ ਹੋਏ ਪੰਜ ਸਾਲਾਂ ਲਈ ਪਿੰਡ ਦੇ ਉਸ ਸਰਪੰਚ ਨੂੰ ਚੁਣਨ ਜੋ ਪਿੰਡ ਦੇ ਸਰਬ ਪੱਖੀ ਵਿਕਾਸ ਕਰਵਾ ਕੇ ਪਿੰਡ ਦੀ ਨੁਹਾਰ ਬਦਲ ਸਕੇ। ਉਹਨਾਂ ਕਿਹਾ ਹੈ ਕਿ ਮੈਨੂੰ ਮੇਰੇ ਵੋਟਰਾਂ ਅਤੇ ਸਪੋਟਰਾਂ ਤੇ ਪੂਰਨ ਆਸ ਹੀ ਨਹੀਂ ਸਗੋਂ ਵਿਸ਼ਵਾਸ ਹੈ ਕਿ ਉਹ ਆਉਣ ਵਾਲੀ 15 ਤਰੀਕ ਨੂੰ ਚੋਣ ਨਿਸਾਨ ਫਰਿੱਜ ਤੇ ਮੋਹਰਾ ਲਗਾ ਕੇ ਉਹਨਾਂ ਨੂੰ ਇੱਕ ਵਾਰ ਸੇਵਾ ਦਾ ਮੌਕਾ ਜਰੂਰ ਦੇਣਗੇ।

ਰੋਜ਼ਾਨਾ ਲੋਕ ਬਾਣੀ
www.lokbani

# ਪੰਜ ਸਾਲਾ ਅੰਦਰ ਮੈਂ ਨਹੀਂ ਮੇਰੇ ਕੰਮ ਬੋਲਣਗੇ

## ☛ ਵੋਟਰਾਂ ਨੇ ਟਰੈਕਟਰ ਦੀ ਕਰਵਾਈ ਬੱਲੇ ਬੱਲੇ



ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਪੰਚਾਇਤੀ ਚੋਣਾਂ ਦਾ ਸਮਾਂ ਨੇੜੇ ਆਉਣ ਕਰਕੇ ਹਰ ਇੱਕ ਉਮੀਦਵਾਰ ਨੇ ਆਪਣੀਆਂ ਚੋਣ ਸਰਗਰਮੀਆਂ ਨੂੰ ਪੂਰੀ ਤਰ੍ਹਾਂ ਤੇਜ਼ ਕੀਤਾ ਹੋਇਆ ਹੈ। ਪਿੰਡ ਕਾਲਾਬੂਲਾ ਦੀ ਰਾਖਵੀਂ ਸੀਟ ਤੋਂ ਚੋਣ ਮੈਦਾਨ ਵਿੱਚ ਕੁੱਦੇ ਪੜ੍ਹੇ ਲਿਖੇ, ਨੇਕ ਇਨਸਾਨ ਅਤੇ ਸਰਬ ਸਾਂਝੇ ਉਮੀਦਵਾਰ ਡਾਕਟਰ ਰਣਜੀਤ ਸਿੰਘ ਕਾਲਾਬੂਲਾ ਨੇ ਆਪਣੇ ਸਮਰਥਕਾਂ ਨੂੰ ਨਾਲ ਲੈ ਕੇ ਘਰੋ ਘਰੀ ਜਾ ਕੇ ਟਰੈਕਟਰ ਚੋਣ ਨਿਸਾਨ ਤੇ ਮੋਹਰਾਂ ਲਗਾਉਣ ਦੀ ਲੋਕਾਂ ਨੂੰ ਪੁਰਜ਼ੋਰ ਅਪੀਲ ਕੀਤੀ। ਉਹਨਾਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਮੈਂ ਸ਼ੁਰੂ ਤੋਂ ਹੀ ਇਹ ਗੱਲ ਸਪੱਸ਼ਟ ਕਰਦਾ ਆ ਰਿਹਾ ਹਾਂ ਕਿ ਮੈਂ ਸਰਪੰਚ ਨਹੀਂ ਇੱਕ ਸੇਵਾਦਾਰ ਹੋ ਕੇ ਪਿੰਡ ਦੇ ਕੰਮ ਕਰਾਂਗਾ। ਉਹਨਾਂ ਕਿਹਾ ਹੈ ਕਿ ਮੇਰੀ ਚੋਣ ਮੁਹਿੰਮ ਅੰਦਰ ਨਸ਼ਿਆਂ ਅਤੇ ਹੋਰ ਲਾਲਚਾਂ ਨੂੰ ਕੋਈ ਥਾਂ ਨਹੀਂ। ਕਿਉਂਕਿ ਲੋਕਤੰਤਰ ਅਨੁਸਾਰ ਹਰ ਇੱਕ ਨਾਗਰਿਕ ਨੂੰ ਆਪਣੀ ਮੱਤ ਅਨੁਸਾਰ ਵੋਟ ਪਾਉਣ ਦਾ ਪੂਰਨ ਅਧਿਕਾਰ ਹੈ। ਉਹਨਾਂ ਦੱਸਿਆ ਕਿ ਮੇਰਾ ਸਫਰ ਸ਼ੁਰੂ ਤੋਂ ਹੀ ਲੋਕਾਂ ਨੂੰ ਸਮਰਪਿਤ ਰਿਹਾ ਹੈ ਅਤੇ ਜੇਕਰ ਮੈਂ ਚਾਹੁੰਦਾ ਲੱਖਾਂ ਰੁਪਏ ਇਕੱਠੇ ਕਰ ਸਕਦਾ ਸੀ। ਮੈਂ ਅੱਜ ਵੀ ਆਪਣੀ ਦੁਕਾਨ ਉੱਪਰ ਸਾਈਕਲ ਤੇ ਹੀ ਜਾਣਾ ਪਸੰਦ ਕਰਦਾ ਹਾਂ। ਕਾਲਾਬੂਲਾ ਨੇ ਅੱਗੇ ਆਖਿਆ ਹੈ ਕਿ ਮੇਰੇ ਸੂਝਵਾਨ ਸੁਲਝੇ ਹੋਏ ਵੋਟਰ ਅਤੇ ਸਪੋਰਟਰ ਮੇਰੇ ਲਈ ਦਿਨ ਰਾਤ ਕੰਮ ਕਰ ਰਹੇ ਹਨ ਮੈਂ ਕਦੇ ਵੀ ਪੰਜ ਸਾਲਾਂ ਅੰਦਰ ਉਹਨਾਂ ਦਾ ਸਿਰ ਨੀਵਾਂ ਨਹੀਂ ਹੋਣ ਦੇਵਾਂਗਾ। ਡਾਕਟਰ ਰਣਜੀਤ ਸਿੰਘ ਨੇ ਅੱਗੇ ਦੱਸਿਆ ਹੈ ਕਿ ਮੈਂ ਪਹਿਲਾਂ ਵੀ ਦੱਸ ਚੁੱਕਾ ਹਾਂ ਕਿ ਪਿੰਡ ਵਿੱਚ ਸਰਕਾਰੀ ਸਕੂਲ ਨੂੰ ਅਪਗ੍ਰੇਟ ਕਰਵਾਉਣਾ, ਪਿੰਡ ਅੰਦਰ ਸੀਵਰੇਜ ਦਾ ਪ੍ਰਬੰਧ ਕਰਕੇ ਪਾਣੀ ਦੇ ਨਿਕਾਸੀ ਨੂੰ ਸਹੀ ਢੰਗ ਨਾਲ ਕੱਢਣਾ, ਬਿਨਾਂ ਕਿਸੇ ਪੱਖਪਾਤ ਤੋਂ ਸਰਕਾਰੀ ਸਕੀਮਾਂ ਨੂੰ ਲੋਕਾਂ ਦੇ ਬਰੂਹਾਂ ਤੱਕ ਪਹੁੰਚਾਉਣਾ, ਨੌਜਵਾਨ ਪੀੜੀ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ, ਦਲਿਤ ਭਾਈਚਾਰੇ ਦੇਖ ਖ਼ੁਸ਼ੀ ਗਮੀ ਵਿੱਚ ਬੈਠਣ ਲਈ ਵਿਸ਼ੇਸ਼ ਸੈਡ ਦਾ ਨਿਰਮਾਣ ਕਰਵਾਉਣਾ ਤੋਂ ਇਲਾਵਾ ਪਿੰਡ ਵਿੱਚ ਹੋਰ ਰਹਿੰਦੀਆਂ ਤਰੁਟੀਆਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਉਣ ਦੀ ਕੋਸ਼ਿਸ਼ ਕਰਾਂਗੇ। ਅੰਤ ਵਿੱਚ ਉਨਾਂ ਸਮੂਹ ਨਗਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਨਾਂ ਨੂੰ ਪੂਰਨ ਆਸ ਅਤੇ ਵਿਸ਼ਵਾਸ ਹੈ ਕਿ ਉਹ ਆਉਣ ਵਾਲੀ 15 ਤਰੀਕ ਨੂੰ ਆਪਣੀ ਇੱਕੋ ਇੱਕ ਕੀਮਤੀ ਵੋਟ ਟਰੈਕਟਰ ਚੋਣ ਨਿਸਾਨ ਤੇ ਮੋਹਰਾਂ ਲਗਾ ਕੇ ਨਗਰ ਦੀ ਨੁਹਾਰ ਬਦਲਣ ਵਿੱਚ ਆਪਣਾ ਯੋਗਦਾਨ ਪਾਉਣਗੇ। ਇਸ ਇਸ ਮੌਕੇ ਹੋਰਨਾਂ ਤੋਂ ਇਲਾਵਾ ਨਿਰਮਲ ਸਿੰਘ, ਮਾਘ ਸਿੰਘ, ਪਰਮਜੀਤ ਸਿੰਘ, ਹਰਪ੍ਰੀਤ ਸਿੰਘ, ਹੰਸਪਾਲ ਸਿੰਘ, ਅਵਤਾਰ ਸਿੰਘ ਤਾਰੀ, ਸੂਬੇਦਾਰ ਰਾਮ ਸਿੰਘ, ਸੁਖਪਾਲ ਸ਼ਰਮਾ, ਚਮਕੌਰ ਸਿੰਘ, ਤੇਜ਼ੀ ਪੇਂਟਰ, ਵੀਰੂ ਸਿੰਘ, ਗਗਨਦੀਪ ਸਿੰਘ, ਜਰਨੈਲ ਸਿੰਘ, ਪਰਗਟ ਸਿੰਘ, ਗੁਰਵਿੰਦਰ ਸਿੰਘ ਬਿੰਨੜ ਅਤੇ ਰਜਿੰਦਰ ਸਿੰਘ ਰਾਜੂ ਤੋਂ ਇਲਾਵਾ ਹੋਰ ਵੀ ਵੱਡੀ ਗਿਣਤੀ ਵਿੱਚ ਓਹਨਾਂ ਦੇ ਸਮਰਥਕ ਹਾਜਰ ਨਾਲ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਮਨਵੀਰ ਬੜੀ ਦੀ ਜਿੱਤ ਯਕੀਨੀ, ਚੋਣ ਰੈਲੀ ਵਿੱਚ ਵੋਟਰਾਂ ਦਾ ਉਮੜਿਆ ਬੇ ਅਥਾਹ ਇਕੱਠ

## ☛ ਪਿੰਡ ਵਿੱਚ ਮਾਰਚ ਕਰਕੇ ਮੰਗੀਆਂ ਬਾਲਟੀ ਲਈ ਵੋਟਾਂ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਇਥੋਂ ਨੇੜਲੇ ਪਿੰਡ ਬੜੀ ਵਿਖੇ ਜਨਰਲ ਸੀਟ ਤੋਂ ਸਰਪੰਚੀ ਦੀ ਚੋਣ ਲੜ ਰਹੇ ਨੌਜਵਾਨ ਆਗੂ ਮਨਵੀਰ ਸਿੰਘ ਬੜੀ ਦੀ ਚੋਣ ਮੁਹਿੰਮ ਵਿੱਚ ਅੱਜ ਉਸ ਸਮੇਂ ਵੱਡਾ ਬਦਲਾ ਦੇਖਣ ਨੂੰ ਮਿਲਿਆ ਜਦੋਂ ਆਪ ਮੁਹਾਰੇ ਲੋਕਾਂ ਨੇ ਪਿੰਡ ਵਿੱਚ ਰੈਲੀ ਕੱਢਦਿਆਂ ਮਨਵੀਰ ਲਈ ਵੋਟਾਂ ਮੰਗੀਆਂ। ਇਸ ਚੋਣ ਮੁਹਿੰਮ ਦੀ ਅਗਵਾਈ ਕਰਦਿਆਂ ਸਾਬਕਾ ਸਰਪੰਚ ਜਸਮੇਲ ਸਿੰਘ ਬੜੀ ਨੇ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਹੈ ਕਿ ਜੇਕਰ ਤੁਸੀਂ ਸਾਰੇ ਰਲ ਮਿਲ ਕੇ ਮਨਵੀਰ ਬੜੀ ਨੂੰ ਸੇਵਾ ਦਾ ਮੌਕਾ ਦਿੰਦੇ ਹੋ ਤਾਂ ਆਪਾਂ ਸਾਰੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਆਪਣੇ ਪਿੰਡ ਨੂੰ ਇੱਕ ਖ਼ੂਬਸੂਰਤ ਪਿੰਡ ਬਣਾਵਾਂਗੇ। ਜਿਸ ਦੀ ਚਰਚਾ ਪੂਰੇ ਪੰਜਾਬ ਅੰਦਰ ਹੋਵੇਗੀ। ਉਹਨਾਂ ਅੱਗੇ ਕਿਹਾ ਹੈ ਕਿ ਮਨਵੀਰ ਇੱਕ ਪੜ੍ਹਿਆ ਲਿਖਿਆ ਅਤੇ ਸਮਝਦਾਰ ਇਨਸਾਨ ਹੈ ਜਿਸਨੇ ਪਿੰਡ ਦੀ ਸੁਸਾਇਟੀ ਦੀ ਨੁਹਾਰ ਬਦਲ ਚ ਵੀ ਕੋਈ ਕਾਸ਼ਰ ਬਾਕੀ ਨਹੀਂ ਛੱਡੀ। ਬੜੀ ਨੇ ਅੱਗੇ ਕਿਹਾ ਹੈ ਕਿ ਮੈਨੂੰ ਵੋਟਰਾਂ ਅਤੇ ਸਪੋਰਟਰਾਂ ਤੇ ਪੂਰਨ ਆਸ ਹੈ ਕਿ ਉਹ ਸਾਫ ਸੁਥਰੇ ਅਕਸ ਵਾਲੇ ਨੌਜਵਾਨ ਮਨਵੀਰ ਨੂੰ ਜਿਤਾ ਕੇ ਇੱਕ ਵਾਰ ਸੇਵਾ ਦਾ ਮੌਕਾ ਜ਼ੂਰ ਦੇਵੋਗੇ। ਇਸ ਚੋਣ ਰੈਲੀ ਵਿੱਚ ਪਿੰਡ ਦੇ ਨੌਜਵਾਨ ਮਾਤਾਵਾਂ ਬਜ਼ੁਰਗਾਂ ਭੈਣਾਂ ਵੱਲੋਂ ਬਾਲਟੀ ਚੋਣ ਨਿਸਾਨ ਤੇ ਮੋਹਰਾ ਲਗਾਉਣ ਦੇ ਨਾਅਰੇ ਲਗਾਏ ਗਏ। ਉਮੀਦਵਾਰ ਮਨਵੀਰ ਸਿੰਘ ਬੜੀ ਨੇ ਕਿਹਾ ਹੈ ਕਿ ਉਨਾਂ ਦਾ ਚੋਣ ਲੜਨ ਦਾ ਮੁੱਖ ਮਕਸਦ ਪਿੰਡ ਦੀ ਵਿਕਾਸ ਕਾਰਜਾਂ ਨੂੰ ਵਧੀਆ ਤਰੀਕੇ ਨਾਲ ਕਰਵਾ ਕੇ ਪਿੰਡ ਦੀ ਦਿੱਖ ਨੂੰ ਸਵਾਰਨਾ ਹੈ। ਅਸੀਂ ਸਾਰੇ ਰਲ ਮਿਲ ਕੇ ਆਪਣੇ ਨਗਰ ਨੂੰ ਇੱਕ ਵਧੀਆ ਪਿੰਡ ਬਣਾਵਾਂਗੇ। ਉਹਨਾਂ ਅੱਗੇ ਦੱਸਿਆ ਕਿ ਮੈਂ ਪਹਿਲਾਂ ਵੀ ਆਖ ਚੁੱਕਾ ਹਾਂ ਕਿ ਪਿੰਡ ਅੰਦਰ ਚੰਗਾ ਸੀਵਰੇਜ ਪਵਾ ਕੇ ਪਾਣੀ ਦਾ ਹੱਲ ਕਰਵਾਉਣਾ, ਛੱਪੜਾਂ ਦਾ ਨਵੀਨੀਕਰਨ, ਪਿੰਡ ਅੰਦਰ ਸਟਰੀਟ ਲਾਈਟਾਂ ਦਾ ਪ੍ਰਬੰਧ, ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਲਈ ਸਾਨਦਾਰ ਪੌਦੇ ਲਗਾਉਣਾ, ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਸਮੇਂ ਸਮੇਂ ਸਿਰ ਵਧੀਆ ਕੋਚਾਂ ਦਾ ਪ੍ਰਬੰਧ, ਲੋੜਵੰਦ ਪਰਿਵਾਰਾਂ ਲਈ ਸ਼ਗਨ ਸਕੀਮ ਤੋਂ ਇਲਾਵਾ ਸਰਕਾਰੀ ਸਕੀਮਾਂ ਨੂੰ ਹਰ ਲੋੜਵੰਦ ਤੱਕ ਪਹੁੰਚਾਉਣਾ ਉਹਨਾਂ ਦਾ ਮੁੱਖ ਮਕਸਦ ਹੋਵੇਗਾ। ਅਖੀਰ ਵਿੱਚ ਉਹਨਾਂ ਸਮੂਹ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਬਾਠ, ਸਾਬਕਾ ਸਰਪੰਚ ਗੁਰਜੀਤ ਸਿੰਘ, ਸਾਬਕਾ ਸਰਪੰਚ ਪਰਮਜੀਤ ਕੌਰ, ਸਾਬਕਾ ਸਰਪੰਚ ਦਰਸ਼ਨ ਸਿੰਘ, ਸਾਬਕਾ ਸੰਮਤੀ ਮੈਂਬਰ ਮਨਪ੍ਰੀਤ ਕੌਰ, ਸਾਬਕਾ ਪੰਚ ਗੁਰਦੇਵ ਸਿੰਘ, ਜੱਗਾ ਬਾਠ, ਇੰਦਰਜੀਤ ਸਿੰਘ, ਅਵਤਾਰ ਸਿੰਘ ਤਾਰੀ, ਮੇਜਰ ਸਿੰਘ, ਹਰਵੀਰ ਸਿੰਘ ਚੌਧਰੀ, ਜਸਵੰਤ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਹਰਪਾਲ ਸਿੰਘ, ਸੁਪਿੰਦਰਜੀਤ ਸਿੰਘ ਲਾਡੀ ਮੇਜਰ ਸੈਕਟਰੀ, ਹਰਜਿੰਦਰ ਸਿੰਘ, ਸਿੰਦਰ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਨਵੀਰ ਦੇ ਸਮਰਥਕ ਹਾਜ਼ਰ ਸਨ।



ਰੋਜ਼ਾਨਾ ਲੋਕ ਬਾਣੀ www.lokbani

# ਲੋਕ ਰੋਡ ਰੋਲਰ ਤੇ ਮੋਹਰਾਂ ਲਗਾ ਕੇ ਉਹਨਾਂ ਨੂੰ ਇੱਕ ਵਾਰ ਸੇਵਾ ਦਾ ਮੌਕਾ ਦੇਣ

## ਮੇਰਾ ਮੁੱਖ ਮਕਸਦ ਸ਼ੇਰਪੁਰ ਦਾ ਵਿਕਾਸ ਕਰਨਾ ਹੈ: ਡਾਕਟਰ ਜਗਜੀਵਨ ਸਿੰਘ

ਸ਼ੇਰਪੁਰ (ਸੱਤਪਾਲ ਸਿੰਘ ਕਾਲਾਬੂਲਾ) ਭਾਵੇਂ ਪੰਚਾਇਤੀ ਚੋਣਾਂ ਵਿੱਚ ਦੋ ਦਿਨ ਅਜੇ ਬਾਕੀ ਹਨ ਪਰੰਤੂ ਸਰਪੰਚੀ ਲਈ ਆਪਣੀ ਕਿਸਮਤ ਅਜਮਾ ਰਹੇ ਉਮੀਦਵਾਰਾਂ ਨੇ ਆਪਣੀਆਂ ਚੋਣ ਸਰਗਰਮੀਆਂ ਦਿਨ ਰਾਤ ਇੱਕ ਕੀਤੀਆਂ ਹੋਈਆਂ ਹਨ। ਇਸੇ ਕੜੀ ਤਹਿਤ ਸ਼ੇਰਪੁਰ ਦੀ ਜਨਰਲ ਸੀਟ ਤੋਂ ਚੋਣ ਮੈਦਾਨ ਵਿੱਚ ਡਟੇ ਪੜ੍ਹੇ ਲਿਖੇ ਅਤੇ ਸਾਬਕਾ ਡੀਐਚਓ ਡਾਕਟਰ ਜਗਜੀਵਨ ਸਿੰਘ ਹੋਰਾਂ ਨੇ ਪਿਛਲੇ ਕਈ ਦਿਨਾਂ ਤੋਂ ਆਪਣੇ ਸਮਰਥਕਾਂ ਨੂੰ ਨਾਲ ਲੈ ਕੇ ਵੱਖ ਵੱਖ ਦੁਕਾਨਾਂ ਅਤੇ ਵਾਰਡਾਂ ਅੰਦਰ ਜਾ ਕੇ ਵੋਟ ਮੰਗਣ ਦੀ ਮਹਿਮ ਨੂੰ ਤੇਜ਼ ਕੀਤਾ ਹੋਇਆ ਹੈ। ਉਨਾਂ ਅੱਜ ਕਾਤਰੋਂ ਚੌਂਕ ਵਿੱਚ ਖੜੇ ਰਕਸ਼ਾ ਚਾਲਕਾਂ ਅਤੇ ਦੁਕਾਨਦਾਰਾਂ ਤੋਂ ਵੋਟਾਂ ਮੰਗਣ ਉਪਰੰਤ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਹੈ ਕਿ ਮੇਰਾ ਮੁੱਖ ਮਕਸਦ ਸ਼ੇਰਪੁਰ ਦਾ ਸਰਬ ਪੱਖੀ ਵਿਕਾਸ ਕਰਨਾ ਹੈ ਕਿਉਂਕਿ ਕਸਬੇ ਅੰਦਰ ਬੇਹਦ ਕੰਮ ਅਜੇ ਵੀ ਅਧੂਰੇ ਹਨ। ਡਾਕਟਰ ਜਗਜੀਵਨ ਸਿੰਘ ਨੇ ਅੱਗੇ ਕਿਹਾ ਹੈ ਕਿ ਸ਼ੇਰਪੁਰ ਦੇ ਸ਼ੇਰ ਦਿਲ ਲੋਕ ਬਹੁਤ ਹੀ ਸੁਲਝੇ ਅਤੇ ਸਿਆਣੇ ਵੋਟਰ ਹਨ ਜੋ ਪਿੰਡ ਦੀ ਬੇਹਤਰੀ ਵਾਲੇ ਉਮੀਦਵਾਰ ਨੂੰ ਹੀ ਚੁਣਨਾ ਪਸੰਦ ਕਰਦੇ ਹਨ। ਉਹਨਾਂ ਅੱਗੇ ਦੱਸਿਆ ਕਿ ਕਸਬੇ ਦੀਆਂ ਮਤਾਵਾਂ ਭੈਣਾਂ ਬਜ਼ੁਰਗਾਂ ਅਤੇ ਖਾਸ ਕਰ ਨੌਜਵਾਨਾਂ ਵੱਲੋਂ ਉਨਾਂ ਨੂੰ ਬੇਹੱਦ ਪਿਆਰ ਅਤੇ ਸਤਿਕਾਰ ਮਿਲ ਰਿਹਾ ਹੈ ਅਤੇ ਵੋਟਰ ਖੁਦ ਆਪ ਮੁਹਾਰੇ ਉਹਨਾਂ ਦੀ ਚੋਣ ਮੁਹਿੰਮ ਨੂੰ ਤੇਜ਼ ਕਰਨ ਵਿੱਚ ਲੱਗੇ ਹੋਏ ਹਨ। ਡਾਕਟਰ ਜਗਜੀਵਨ ਸਿੰਘ ਹੋਰਾਂ ਨੇ ਅੱਗੇ ਕਿਹਾ ਹੈ ਕਿ ਕਸਬੇ ਅੰਦਰ ਸਰਕਾਰੀ ਹਸਪਤਾਲ ਦੀਆਂ ਅਧੂਰੀਆਂ ਸਮੱਸਿਆਵਾਂ, ਨੌਜਵਾਨਾਂ ਨੂੰ ਨਸ਼ਿਆਂ ਚੋਂ ਕੱਢਣ ਲਈ ਵਿਸ਼ੇਸ਼ ਪ੍ਰੋਗਰਾਮ ਲੋੜਵੰਦ ਪਰਿਵਾਰਾਂ ਲਈ ਸਗਨ ਸਕੀਮ ਦੀ ਵਿਵਸਥਾ, ਪਿਛਲੇ ਲੰਮੇ ਸਮੇਂ ਤੋਂ ਕੂੜੇ ਡੰਪ ਨਾਲ ਜੂਝ ਰਹੇ ਸ਼ੇਰਪੁਰ ਵਾਸੀਆਂ ਲਈ ਜਗ੍ਹਾ ਦਾ ਵਿਸ਼ੇਸ਼ ਪ੍ਰਬੰਧ ਕਰਨਾ, ਰਿਕਸ਼ਾ ਚਾਲਕਾਂ ਲਈ ਵਿਸ਼ੇਸ਼ ਸੈਡ ਬਣਾ ਕੇ ਦੇਣਾ, ਬਾਜ਼ਾਰ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਨਾ, ਸਰਕਾਰੀ ਸਕੂਲਾਂ ਦੀ ਦਿੱਖ ਨੂੰ ਹੋਰ ਸਵਾਰਨਾ, ਛੱਪੜਾਂ ਦਾ ਨਵੀਨੀਕਰਨ ਕਰਕੇ ਪਾਣੀ ਦੇ ਨਿਕਾਸ ਦਾ ਪੁਖਤਾ ਹੱਲ, ਬਿਨਾਂ ਕਿਸੇ ਪੱਖਪਾਤ ਤੋਂ ਸਰਕਾਰੀ ਗਰਾਂਟਾਂ ਨੂੰ ਪਿੰਡ ਤੇ ਖਰਚ ਕਰਨਾ ਅਤੇ ਲੋੜਵੰਦ ਪਰਿਵਾਰਾਂ ਤੱਕ ਸਰਕਾਰ ਦੀਆਂ ਸਕੀਮਾਂ ਨੂੰ ਪਹੁੰਚਾਉਣਾ ਉਹਨਾਂ ਦਾ ਮੁੱਖ ਮਕਸਦ ਹੋਵੇਗਾ। ਸ਼ੇਰਪੁਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੀ 15 ਤਰੀਕ ਨੂੰ ਚੋਣ ਨਿਸਾਨ ਰੋਡ ਰੋਲਰ ਤੇ ਮੋਹਰਾਂ ਲਗਾ ਕੇ ਉਹਨਾਂ ਨੂੰ ਇੱਕ ਵਾਰ ਸੇਵਾ ਦਾ ਮੌਕਾ ਦੇਣ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਮਨਸਾ ਸਿੰਘ, ਹਰਵਿੰਦਰ ਸਿੰਘ ਮਿੰਟੂ, ਨੌਜਵਾਨ ਆਗੂ ਰਾਮਦਾਸ ਬਿੱਟੂ ਦਲਿਤ ਆਗੂ ਦਰਸ਼ਨ ਸਿੰਘ ਬਾਜਵਾ, ਡਾਕਟਰ ਸੋਨੀ ਸ਼ੇਰਪੁਰ ਤੋਂ ਇਲਾਵਾ ਹੋਰ ਵੀ ਵੋਟਰ ਤੇ ਸਪੋਰਟਰ ਉਹਨਾਂ ਨਾਲ ਹਾਜ਼ਰ ਸਨ।



ਰੋਜ਼ਾਨਾ ਲੋਕ ਬਾਣੀ www.lokbani

# ਪੰਜਾਬ-ਚੰਡੀਗੜ੍ਹ ਚ ਦੀਵਾਲੀ ਤੋਂ ਬਾਅਦ ਵਧੇਗੀ ਠੰਡ, ਜਲੰਧਰ ਚ ਹਵਾ ਸਭ ਤੋਂ ਵੱਧ ਪ੍ਰਦੂਸ਼ਿਤ




ਚੰਡੀਗੜ੍ਹ ( ਲੋਕ ਬਾਣੀ)- ਪੰਜਾਬ ਅਤੇ ਚੰਡੀਗੜ੍ਹ ਚ ਮਾਨਸੂਨ ਦੇ ਰਵਾਨਗੀ ਨਾਲ ਸਵੇਰ-ਸ਼ਾਮ ਠੰਡ ਨੇ ਦਸਤਕ ਦੇ ਦਿੱਤੀ ਹੈ। ਇਸ ਦੇ ਨਾਲ ਹੀ ਦੀਵਾਲੀ ਤੋਂ ਬਾਅਦ ਠੰਡ ਤੇਜ਼ੀ ਨਾਲ ਵਧਣੀ ਸ਼ੁਰੂ ਹੋ ਜਾਵੇਗੀ। 24 ਤੱਕ ਮੀਂਹ ਅਤੇ ਤੂਫਾਨ ਦੀ ਚਿਤਾਵਨੀ ਨਹੀਂ ਹੈ। ਦਿਨ ਵੇਲੇ ਧੁੱਪ ਅਤੇ ਸਾਫ਼ ਮੌਸਮ ਕਾਰਨ ਵੱਧ ਤੋਂ ਵੱਧ ਤਾਪਮਾਨ ਵਿੱਚ 0.6 ਡਿਗਰੀ ਦਾ ਵਾਧਾ ਹੋਇਆ ਹੈ।

ਇਹ ਆਮ ਦੇ ਨੇੜੇ ਆ ਗਿਆ ਹੈ. ਬਠਿੰਡਾ ਵਿੱਚ ਸਭ ਤੋਂ ਵੱਧ ਤਾਪਮਾਨ 35.6 ਦਰਜ ਕੀਤਾ ਗਿਆ ਹੈ। ਇਸ ਦੇ ਨਾਲ ਹੀ ਚੰਡੀਗੜ੍ਹ ਵਿਚ 24 ਘੰਟਿਆਂ ਵਿਚ ਤਾਪਮਾਨ 0.6 ਡਿਗਰੀ ਵਧ ਕੇ 33.7 ਡਿਗਰੀ ਹੋ ਗਿਆ ਹੈ।

ਸਭ ਤੋਂ ਵੱਧ ਪ੍ਰਦੂਸ਼ਿਤ ਹਵਾ ਜਲੰਧਰ ਦੀ ਹੈ

ਸੂਬੇ ਦੀ ਹਵਾ ਇਕ ਵਾਰ ਫਿਰ ਪ੍ਰਦੂਸ਼ਿਤ ਹੋਣ ਲੱਗੀ ਹੈ। ਇਸ ਦਾ ਮੁੱਖ ਕਾਰਨ ਪਰਾਲੀ ਸਾੜਨਾ ਮੰਨਿਆ ਜਾ ਰਿਹਾ ਹੈ। ਪਿਛਲੇ 24 ਘੰਟਿਆਂ ਵਿੱਚ ਹਵਾ ਤੇਜ਼ੀ ਨਾਲ ਪ੍ਰਦੂਸ਼ਿਤ ਹੋ ਗਈ ਹੈ। ਪਠਾਨਕੋਟ ਨੂੰ ਛੱਡ ਕੇ ਜ਼ਿਆਦਾਤਰ ਸ਼ਹਿਰਾਂ ਵਿੱਚ ਪ੍ਰਦੂਸ਼ਣ ਦਾ ਪੱਧਰ 100 1♠9 ਤੱਕ ਪਹੁੰਚ ਗਿਆ ਹੈ।

ਜਲੰਧਰ ਦਾ 1♠9 152, ਪਟਿਆਲਾ ਦਾ 1♠9 140, ਲੁਧਿਆਣਾ ਦਾ 1♠9 140, ਅੰਮ੍ਰਿਤਸਰ ਦਾ 1♠9 142 ਹੈ। ਹਾਲਾਂਕਿ ਪਠਾਨਕੋਟ ਦਾ 1♠9 86 ਹੈ। ਇਸ ਕਾਰਨ ਸਾਹ ਦੀ ਸਮੱਸਿਆ ਹੋਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਦੇ ਮਾਹਿਰਾਂ ਅਨੁਸਾਰ 24 ਘੰਟਿਆਂ ਵਿੱਚ ਹਵਾ ਪ੍ਰਦੂਸ਼ਣ ਦਾ ਪੱਧਰ ਵਧਿਆ ਹੈ।

# ਕਾਲਜ ਵਿੱਚ ਅੰਤਰਰਾਸ਼ਟਰੀ ਬਾਲੜੀ ਦਿਵਸ ਮਨਾਇਆ

ਧੂਰੀ ( ਲੋਕ ਬਾਣੀ)) ਦੇਸ਼ ਭਗਤ ਕਾਲਜ ਬਰੜਵਾਲ ਵਿਖੇ ਪ੍ਰਿੰਸੀਪਲ ਡਾ:ਬਲਬੀਰ ਸਿੰਘ ਦੀ ਅਗਵਾਈ ਹੇਠ ਚੱਲ ਰਹੇ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਦੇ ਵੱਲੋਂ ਬਾਲੜੀ ਦਿਵਸ ਮਨਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਕਾਲਜ ਪ੍ਰਿੰਸੀਪਲ ਅਤੇ ਟਰੱਸਟ ਸਕੱਤਰ ਸਰਦਾਰ ਬਲਵੰਤ ਸਿੰਘ ਮੀਮਸਾ ਪਹੁੰਚੇ। ਵਿਭਾਗ ਦੇ ਮੁਖੀ ਡਾ: ਦਲਵਿੰਦਰ ਕੌਰ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਕਿਹਾ ਅਤੇ ਇਸ ਪ੍ਰੋਗਰਾਮ ਦੀ ਰੂਪ ਰੇਖਾ ਸਾਂਝੀ ਕੀਤੀ। ਕਾਲਜ ਪ੍ਰਿੰਸੀਪਲ ਨੇ ਵਿਭਾਗ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹਾ ਦਿਨ ਮਨਾਉਣਾ ਵਿਭਾਗ ਲਈ ਮਾਣ ਵਾਲੀ ਗੱਲ ਹੈ। ਕਿਉਂਕਿ 21ਵੀਂ ਸਦੀ ਚੱਲ ਰਹੀ ਹੈ ਲੜਕੀਆਂ ਅੱਜ ਦੇ ਯੁੱਗ ਵਿੱਚ ਸਿਖਰ ਤੇ ਹਨ। ਉਹਨਾਂ ਕਿਹਾ ਕਿ ਵਿਦਿਆਰਥਣਾਂ ਪੜ੍ਹ ਲਿਖ ਕੇ ਸਮਾਜ ਨੂੰ ਸੁਧਾਰਨਗੀਆ। ਉਹਨਾਂ ਕਿਹਾ ਕਿ ਜੇਕਰ ਇੱਕ ਲੜਕੀ ਪੜ੍ਹ ਜਾਂਦੀ ਹੈ ਤਾਂ ਪਿੰਡ ਸੁਧਰ ਜਾਂਦਾ ਹੈ।ਸਰਦਾਰ ਬਲਵੰਤ ਸਿੰਘ ਮੀਮਸਾ ਨੇ ਆਪਣਾ ਭਾਸ਼ਣ ਆਰੰਭ ਕਰਦਿਆਂ ਵਿਭਾਗ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਹੋਰ ਪੜ੍ਹ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਹੁਣ ਕੁੜੀਆਂ ਨੂੰ ਬਹਾਦਰ ਹੋ ਜਾਣਾ ਚਾਹੀਦਾ ਹੈ ।ਜਿਸ ਦੇ ਨਾਲ ਸਮਾਜ ਸੁਧਰ ਜਾਵੇਗਾ। ਹੁਣ ਕੁੜੀਆਂ ਮੁੰਡਿਆਂ ਵਿੱਚ ਕੋਈ ਫਰਕ ਨਹੀਂ ਸਗੋਂ ਕੁੜੀਆਂ ਮੁੰਡਿਆਂ ਨਾਲੋਂ ਅੱਗੇ ਹਨ। ਵਿਦਿਆਰਥੀਆਂ ਨੇ ਔਰਤਾਂ ਦੇ ਸੰਬੰਧ ਵਿੱਚ ਭਾਸ਼ਣ ਅਤੇ ਆਪਣੀਆਂ ਕਵਿਤਾਵਾਂ ਸਾਂਝੀਆਂ ਕੀਤੀਆਂ ।ਅਖੀਰ ਵਿੱਚ ਵਿਭਾਗ ਦੇ ਮੁਖੀ ਡਾ:ਦਲਵਿੰਦਰ ਕੌਰ ਨੇ ਆਏ ਮਹਿਮਾਨਾਂ ਨੂੰ ਧੰਨਵਾਦੀ ਸ਼ਬਦ ਕਹੇ ।ਇਸ ਪ੍ਰੋਗਰਾਮ ਵਿੱਚ ਡਾ ਮਨਜੀਤ ਸਿੰਘ, ਡਾ ਪਰਮਪਾਲ ਸਿੰਘ, ਪ੍ਰੋ. ਸ਼ਰਨਜੀਤ ਕੌਰ, ਅਮਨਦੀਪ ਕੌਰ ਅਤੇ ਸਮੂਹ ਪੰਜਾਬੀ ਵਿਭਾਗ ਸ਼ਾਮਿਲ ਸੀ।

# ਪੰਜਾਬ ਪੁਲਿਸ ਵੱਲੋਂ ਗੈਰ-ਕਾਨੂੰਨੀ ਟਰੈਵਲ ਏਜੰਸੀਆਂ ਵਿਰੁੱਧ ਕਾਰਵਾਈ ਜਾਰੀ; 18 ਹੋਰ ਵਿਰੁੱਧ ਮਾਮਲਾ ਦਰਜ

ਚੰਡੀਗੜ੍ਹ, ( ਲੋਕ ਬਾਣੀ) ਵਿਦੇਸ਼ਾਂ ਵਿੱਚ ਵੱਸਣ ਦੇ ਚਾਹਵਾਨ ਨੌਜਵਾਨਾਂ ਦੀ ਸੁਰੱਖਿਆ ਲਈ ਗੈਰ-ਕਾਨੂੰਨੀ ਟਰੈਵਲ ਏਜੰਟਾਂ ਵਿਰੁੱਧ ਕਾਰਵਾਈ ਨੂੰ ਜਾਰੀ ਰੱਖਦਿਆਂ ਪੰਜਾਬ ਪੁਲਿਸ ਦੇ ਐਨ.ਆਰ.ਆਈ. ਮਾਮਲੇ ਵਿੰਗ ਅਤੇ ਸਾਈਬਰ ਕ੍ਰਾਈਮ ਵਿੰਗ ਵੱਲੋਂ ਪ੍ਰੋਟੈਕਟੋਰੇਟ ਆਫ਼ ਇਮੀਗ੍ਰੈਂਟਸ, ਚੰਡੀਗੜ੍ਹ ਨਾਲ ਤਾਲਮੇਲ ਕਰਕੇ ਸੂਬੇ ਵਿੱਚ 18 ਹੋਰ ਟਰੈਵਲ ਏਜੰਸੀਆਂ ਵਿਰੁੱਧ ਗੈਰ-ਕਾਨੂੰਨੀ ਢੰਗ ਨਾਲ ਸੋਸ਼ਲ ਮੀਡੀਆ 'ਤੇ ਰੋਜ਼ਗਾਰ ਸਬੰਧੀ ਇਸ਼ਤਿਹਾਰ ਦੇਣ ਬਾਰੇ ਮਾਮਲਾ ਦਰਜ ਕੀਤਾ ਗਿਆ ਹੈ।

ਇਹ ਕਾਰਵਾਈ ਅਗਸਤ, 2024 ਦੇ ਮਹੀਨੇ ਵਿੱਚ ਅਜਿਹੀਆਂ 25 ਗੈਰ-ਕਾਨੂੰਨੀ ਟਰੈਵਲ ਏਜੰਸੀਆਂ ਦੇ ਖਿਲਾਫ ਘੱਟੋ-ਘੱਟ 20 ਐੱਫ. ਆਈ.ਆਰਜ਼. ਦਰਜ ਕਰਨ ਉਪਰੰਤ ਅਮਲ ਵਿੱਚ ਲਿਆਂਦੀ ਗਈ। ਹੁਣ ਤੱਕ ਦਰਜ ਕੀਤੇ ਮਾਮਲਿਆਂ ਵਿੱਚ ਗੈਰ-ਕਾਨੂੰਨੀ ਟਰੈਵਲ ਏਜੰਸੀਆਂ ਦੀ ਗਿਣਤੀ 43 ਤੱਕ ਪਹੁੰਚ ਗਈ ਹੈ।

ਜ਼ਿਕਰਯੋਗ ਹੈ ਕਿ ਪ੍ਰੋਟੈਕਟੋਰੇਟ ਆਫ਼ ਇਮੀਗ੍ਰੈਂਟਸ ਨੇ ਅਜਿਹੀਆਂ ਟਰੈਵਲ ਏਜੰਸੀਆਂ ਵੱਲੋਂ ਵਿਦੇਸ਼ਾਂ ਵਿੱਚ ਨੌਕਰੀਆਂ ਲਈ ਇੰਸਟਾਗ੍ਰਾਮ ਅਤੇ ਫੇਸਬੁੱਕ ਤੇ ਦਿੱਤੇ ਜਾਂਦੇ ਇਸ਼ਤਿਹਾਰਾਂ ਸਬੰਧੀ ਗੰਭੀਰ ਨੋਟਿਸ ਲਿਆ ਹੈ।

ਏਡੀਜੀਪੀ ਐਨਆਰਆਈ ਮਾਮਲੇ ਪ੍ਰਵੀਨ ਕੇ ਸਿਨਹਾ ਨੇ ਐਤਵਾਰ ਨੂੰ ਦੱਸਿਆ ਕਿ ਇਹ ਟਰੈਵਲ ਏਜੰਸੀਆਂ ਬਿਨਾਂ ਲੋੜੀਂਦੇ ਲਾਇਸੈਂਸ ਅਤੇ ਇਜਾਜ਼ਤਾਂ ਦੇ ਇੰਸਟਾਗ੍ਰਾਮ ਅਤੇ ਫੇਸਬੁੱਕ ਤੇ ਵਿਦੇਸ਼ਾਂ ਵਿੱਚ ਨੌਕਰੀਆਂ ਬਾਰੇ ਇਸ਼ਤਿਹਾਰ ਦੇ ਰਹੀਆਂ ਸਨ।

ਉਹਨਾਂ ਅੱਗੇ ਦੱਸਿਆ ਕਿ ਆਨਲਾਈਨ ਪਲੇਟਫਾਰਮਾਂ ਦੀ ਜਾਂਚ ਕੀਤੀ ਗਈ, ਉਨ੍ਹਾਂ ਦੇ ਪ੍ਰਮਾਣ ਪੱਤਰਾਂ ਦੀ ਗੁਪਤ ਤੌਰ ਤੇ ਤਸਦੀਕ ਕੀਤੀ ਗਈ ਅਤੇ ਉਨ੍ਹਾਂ ਵਿਰੁੱਧ ਐਫ.ਆਈ. ਆਰਜ਼ ਦਰਜ ਕੀਤੀਆਂ ਗਈਆਂ। ਸੂਬੇ ਦੇ ਵੱਖ-ਵੱਖ ਐਨ.ਆਰ.ਆਈ ਥਾਣਿਆਂ ਵਿੱਚ ਇਮੀਗ੍ਰੇਸ਼ਨ ਐਕਟ ਦੀਆਂ ਧਾਰਾਵਾਂ 24/25 ਤਹਿਤ ਕੁੱਲ 18 ਨਵੀਆਂ ਐਫਆਈਆਰ ਦਰਜ ਕੀਤੀਆਂ ਗਈਆਂ ਹਨ, ਜਿਸ ਵਿੱਚ ਅੰਮ੍ਰਿਤਸਰ, ਐਸ.ਏ.ਐਸ. ਨਗਰ, ਲੁਧਿਆਣਾ ਅਤੇ ਪਟਿਆਲਾ ਜ਼ਿਲ੍ਹੇ ਸ਼ਾਮਲ ਹਨ। ਜ਼ਿਕਰਯੋਗ ਹੈ ਕਿ ਦਰਜ ਕੀਤੀਆਂ 18 ਨਵੀਆਂ ਐਫ.ਆਈ.ਆਰਜ਼ ਵਿੱਚੋਂ ਸਤੰਬਰ ਮਹੀਨੇ ਵਿੱਚ 6 ਅਤੇ ਅਕਤੂਬਰ ਵਿੱਚ 12 ਐਫਆਈਆਰਜ਼ ਦਰਜ ਕੀਤੀਆਂ ਗਈਆਂ ਸਨ।




ਏਡੀਜੀਪੀ ਨੇ ਕਿਹਾ ਕਿ ਅਗਸਤ ਅਤੇ ਸਤੰਬਰ 2024 ਦੇ ਮਹੀਨਿਆਂ ਵਿੱਚ ਦਰਜ ਕੀਤੀਆਂ ਇਨ੍ਹਾਂ 26 ਐਫ.ਆਈ.ਆਰਜ਼ ਵਿੱਚ ਕੁੱਲ 34 ਮੁਲਜ਼ਮਾਂ ਵਿੱਚੋਂ 25 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅਗਲੇਰੀ ਜਾਂਚ ਜਾਰੀ ਹੈ ਅਤੇ ਬਾਕੀ ਮੁਲਜ਼ਮ ਟਰੈਵਲ ਏਜੰਟਾਂ ਨੂੰ ਨੋਟਿਸ ਭੇਜੇ ਜਾ ਰਹੇ ਹਨ।

ਏਡੀਜੀਪੀ ਪ੍ਰਵੀਨ ਸਿਨਹਾ ਨੇ ਨਾਗਰਿਕਾਂ ਨੂੰ ਸਾਵਧਾਨ ਰਹਿਣ ਅਤੇ ਟ੍ਰੈਵਲ ਏਜੰਟਾਂ ਨੂੰ ਦਸਤਾਵੇਜ਼ ਅਤੇ ਪੈਸੇ ਸੌਂਪਣ ਤੋਂ ਪਹਿਲਾਂ ਉਨ੍ਹਾਂ ਦੇ ਪ੍ਰਮਾਣ ਪੱਤਰਾਂ ਦੀ ਪੁਸ਼ਟੀ ਕਰਨ ਲਈ ਕਿਹਾ। ਉਹਨਾਂ ਨੇ ਸਲਾਹ ਦਿੱਤੀ ਕਿ ਸਿਰਫ਼ ਉਹਨਾਂ ਏਜੰਸੀਆਂ ਨਾਲ ਸੰਪਰਕ ਕੀਤਾ ਜਾਵੇ ਜਿਹਨਾਂ ਕੋਲ ਇਮੀਗ੍ਰੇਸ਼ਨ ਐਕਟ, 1983 ਤਹਿਤ ਇੱਕ ਵੈਧ ਭਰਤੀ ਏਜੰਟ (ਆਰ.ਏ.) ਲਾਇਸੈਂਸ ਹੋਵੇ ਅਤੇ ਉਕਤ ਐਕਟ ਤਹਿਤ ਜਾਰੀ ਏਜੰਸੀ ਦੇ ਲਾਇਸੈਂਸ ਨਾਲ ਸੰਪਰਕ ਕੀਤਾ ਜਾਵੇ। ਉਹਨਾਂ ਅੱਗੇ ਕਿਹਾ ਕਿ ਟਰੈਵਲ ਏਜੰਟਾਂ ਨਾਲ ਸੰਪਰਕ ਕਰਦੇ ਸਮੇਂ ਉਹਨਾਂ ਦੀ ਜਾਂਚ ਕਰਨ ਉਪਰੰਤ ਹੀ ਉਹਨਾਂ 'ਤੇ ਭਰੋਸਾ ਕੀਤਾ ਜਾਵੇ।

# ਡਿਪਟੀ ਕਮਿਸ਼ਨਰ ਨੇ ਸਥਾਨਕ ਅਨਾਜ ਮੰਡੀ ਦਾ ਕੀਤਾ ਦੌਰਾ, ਝੋਨੇ ਦੀ ਖਰੀਦ ਕਰਵਾਈ ਸ਼ੁਰੂ

ਮਾਲੇਰਕੋਟਲਾ ( ਲੋਕ ਬਾਣੀ)

ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਸਥਾਨਕ ਅਨਾਜ ਮੰਡੀ ਵਿਖੇ ਖਰੀਦ ਪ੍ਰਬੰਧਾਂ ਦਾ ਜਾਇਜਾ ਲੈਣ ਉਪਰੰਤ ਝੋਨੇ ਦੀ ਖਰੀਦ ਸ਼ੁਰੂ ਕਰਵਾਈ ਤੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਖਰੀਦ ਪ੍ਰਬੰਧਾਂ ਦਾ ਰੋਜਾਨਾ ਖੁਦ ਜਾਇਜ਼ਾ ਲੈ ਰਹੇ ਹਨ, ਇਸ ਲਈ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆ ਕਿਹਾ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਸੁਚਾਰੂ ਢੰਗ ਨਾਲ ਤੁਰੰਤ ਖਰੀਦ ਅਤੇ ਨਾਲੋ-ਨਾਲ ਲਿਫਟਿੰਗ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਝੋਨੇ ਦਾ ਇੱਕ ਇੱਕ ਦਾਣਾ ਖਰੀਦਣ ਲਈ ਪੰਜਾਬ ਸਰਕਾਰ ਵਚਨਬੱਧ ਹੈ, ਇਸ ਲਈ ਜਿੱਥੇ ਕਿਸਾਨਾਂ ਸਮੇਤ ਮਜ਼ਦੂਰਾਂ ਲਈ ਸਹੂਲਤਾਂ ਪੱਖੋਂ ਸਾਰੇ ਪ੍ਰਬੰਧਾਂ ਵਿੱਚ ਕੋਈ ਕਮੀ ਨਹੀਂ ਰਹਿਣੀ ਚਾਹੀਦੀ, ਉਥੇ ਖਰੀਦ ਅਤੇ ਲਿਫਟਿੰਗ ਵਿੱਚ ਢਿੱਲਮੱਠ ਦੀ ਨੀਤੀ ਸਹਿਣ ਨਹੀਂ ਕੀਤੀ ਜਾਵੇਗੀ।



ਇਸ ਮੌਕੇ ਉਨ੍ਹਾਂ ਆੜ੍ਹਤੀਆਂ, ਕਿਸਾਨਾਂ,ਪੱਲੇਦਾਰਾਂ ਆਦਿ ਨਾਲ ਗੱਲ ਬਾਤ ਕਰਕੇ ਉਨ੍ਹਾਂ ਦੀਆਂ ਮੁਸਕਲਾਂ ਵੀ ਸੁਣੀਆਂ ਅਤੇ ਭਰੋਸਾ ਦਵਾਇਆ ਕਿ ਮੰਡੀਆਂ ਵਿੱਚ ਕਿਸੇ ਨੂੰ ਕੋਈ ਦਿੱਕਤ ਪੇਸ਼ ਨਹੀਂ ਆਉਂਣ ਦਿੱਤੀ ਜਾਵੇਗੀ । ਉਨ੍ਹਾਂ ਖਰੀਦ ਏਜੰਸੀਆਂ, ਮੰਡੀ ਬੋਰਡ, ਖੁਰਾਕ ਤੇ ਸਿਵਲ ਸਪਲਾਈਜ ਆਦਿ ਸਬੰਧਤ ਵਿਭਾਗ ਨੂੰ ਹਦਾਇਤ ਕੀਤੀ ਕਿ ਆਪਸੀ ਤਾਲਮੇਲ ਨਾਲ ਖਰੀਦ ਪ੍ਰੀਕਿਆਂ ਨੂੰ ਮੁਕੰਮਲ ਕੀਤਾ ਜਾਵੇ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿੱਚ ਘੱਟ ਤੋਂ ਘੱਟ ਸਮੇ ਲਈ ਰੁਕਣਾ ਪਵੇ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਸ ਵੀ ਖਰੀਦ ਕੇਂਦਰ ਵਿੱਚ ਕੋਈ ਮੁਸ਼ਕਿਲ ਆ ਰਹੀ ਹੋਵੇ, ਉਸਦਾ ਤੁਰੰਤ ਹੱਲ ਕੱਢਿਆ ਜਾਵੇ ਪਰੰਤੂ ਖਰੀਦੇ ਝੋਨੇ ਦੀ ਲਿਫ਼ਟਿੰਗ ਚ ਕੋਈ ਰੁਕਾਵਟ ਨਹੀਂ ਆਉਣੀ ਚਾਹੀਦੀ। ਡਾ. ਪੱਲਵੀ ਨੇ ਨਾਲ ਹੀ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਸੁੱਕੀ ਜਿਣਸ ਹੀ ਮੰਡੀ ਚ ਲਿਆਉਣ ਤਾਂ ਜੋ ਕਿ ਉਨ੍ਹਾਂ ਨੂੰ ਆਪਣੀ ਜਿਣਸ ਵੇਚਣ ਵਿੱਚ ਦਿੱਕਤ ਪੇਸ ਨਾ ਆਵੇ ।

# ਪਰਾਲੀ ਪ੍ਰਬੰਧਨ ਮੁਹਿੰਮ ਤਹਿਤ ਜਾਗਰੂਕਤਾ ਗਤੀਵਿਧੀਆਂ ਵਿਆਪਕ ਪੱਧਰ ਤੇ ਜਾਰੀ: ਪੂਨਮਦੀਪ ਕੌਰ

ਬਰਨਾਲਾ,( ਲੋਕ ਬਾਣੀ)

ਜ਼ਿਲ੍ਹਾ ਬਰਨਾਲਾ ਵਿੱਚ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਦੀ ਅਗਵਾਈ ਹੇਠ ਪਰਾਲੀ ਪ੍ਰਬੰਧਨ ਮੁਹਿੰਮ ਵਿਆਪਕ ਪੱਧਰ ਤੇ ਜਾਰੀ ਹੈ।



ਇਸ ਲੜੀ ਤਹਿਤ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਵਲੋਂ ਅੱਜ ਪਿੰਡ ਵਜੀਦਕੇ ਕਲਾਂ, ਛਾਪਾ, ਕੁਰੜ, ਹਰੀਗੜ੍ਹ, ਭੈਣੀ ਮਹਿਰਾਜ, ਅਸਪਾਲ ਕਲਾਂ, ਤਲਵੰਡੀ, ਪੱਤੀ ਮੋਹਰ ਸਿੰਘ ਭਦੌੜ, ਪੱਤੀ ਦੀਪ ਸਿੰਘ ਭਦੌੜ, ਢਿੱਲਵਾਂ ਪਟਿਆਲਾ, ਸੰਧੂ ਕਲਾਂ, ਮੌੜ ਪਟਿਆਲਾ ਪਿੰਡਾਂ ਦੇ ਮੋਹਤਬਰਾਂ, ਕਿਸਾਨਾਂ, ਸਹਿਕਾਰੀ ਸਭਾਵਾਂ ਤੇ ਹੋਰ ਧਿਰਾਂ ਨਾਲ ਮੀਟਿੰਗ ਕੀਤੀਆਂ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਬਰਨਾਲਾ ਵਿੱਚ ਪਰਾਲੀ ਪ੍ਰਬੰਧਨ ਤਹਿਤ ਐਕਸ਼ਨ ਪਲਾਨ ਤਿਆਰ ਕੀਤਾ ਗਿਆ ਹੈ ਜਿਸ ਤਹਿਤ ਕਿਸਾਨਾਂ ਅਤੇ ਸਹਿਕਾਰੀ ਸਭਾਵਾਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਢੁਕਵੀਂ ਮਸ਼ੀਨਰੀ ਦਿਵਾਈ ਗਈ ਹੈ। ਉਨ੍ਹਾਂ ਕਿਹਾ ਕਿ ਜਿੱਥੇ ਸਹਿਕਾਰੀ ਸਭਾਵਾਂ ਦੀ ਮਸ਼ੀਨਰੀ ਦਾ ਵੱਧ ਤੋਂ ਵੱਧ ਲਾਹਾ ਕਿਸਾਨਾਂ ਨੂੰ ਦਿਵਾਇਆ ਜਾਵੇਗਾ ਓਥੇ ਜਿਹੜੇ ਹੋਰ ਕਿਸਾਨਾਂ ਨੇ ਵੀ ਮਸ਼ੀਨਰੀ ਸਬਸਿਡੀ ਤੇ ਲਈ ਹੈ, ਉਹ ਬਾਕੀ ਕਿਸਾਨਾਂ ਨਾਲ ਮਸ਼ੀਨਰੀ ਸਾਂਝੀ ਕਰਨ ਤਾਂ ਜੋ ਮਸ਼ੀਨਰੀ ਦੀ ਘਾਟ ਨਾ ਹੋਵੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਲਤੀਫ਼ ਅਹਿਮਦ ਨੇ ਕਿਹਾ ਕਿ ਪਰਾਲੀ ਸਾੜਨ ਨਾਲ ਜਿੱਥੇ ਆਲਾ ਦੁਆਲਾ ਪਲੀਤ ਹੁੰਦਾ ਹੈ, ਓਥੇ ਧੂਏਂ ਨਾਲ ਮਨੁੱਖੀ ਸਿਹਤ ਤੇ ਵੀ ਮਾੜਾ ਅਸਰ ਪੈਂਦਾ ਹੈ ਖਾਸ ਕਰਕੇ ਬਜ਼ੁਰਗਾਂ ਅਤੇ ਬੱਚਿਆਂ ਨੂੰ ਸਿਹਤ ਸਬੰਧੀ ਬਹੁਤ ਦਿੱਕਤਾਂ ਪੇਸ਼ ਆਉਂਦੀਆਂ ਹਨ। ਪਰਾਲੀ ਸਾੜਨ ਨਾਲ ਜ਼ਮੀਨ ਦੇ ਮਿੱਤਰ ਕੀੜੇ ਵੀ ਮਰ ਜਾਂਦੇ ਹਨ, ਇਸ ਤੋਂ ਇਲਾਵਾ ਪੰਛੀਆਂ ਅਤੇ ਜੀਵਾਂ ਦਾ ਵੀ ਨੁਕਸਾਨ ਹੁੰਦਾ ਹੈ।

ਇਸ ਮੌਕੇ ਉਨ੍ਹਾਂ ਸਾਰੇ ਪਿੰਡਾਂ ਦੇ ਮੋਹਤਬਰਾਂ ਅਤੇ ਨੌਜਵਾਨਾਂ ਨੂੰ ਮੁਹਿੰਮ ਵਿੱਚ ਸਹਿਯੋਗ ਦਾ ਸੱਦਾ ਦਿੱਤਾ।

# ਅਸ਼ਟਮੀ ਦੇ ਦਿਹਾੜੇ 'ਤੇ ਮਾਤਾ ਭੱਦਰਕਾਲੀ ਮੰਦਰ ਲੱਗਿਆ ਮੇਲਾ



ਸ੍ਰੀ ਮਾਛੀਵਾੜਾ ਸਾਹਿਬ-( ਲੋਕ ਬਾਣੀ)-- ਸ਼੍ਰੀ ਦੁਰਗਾ ਮਾਤਾ ਦੇ ਪਵਿੱਤਰ ਨਰਾਤਿਆਂ ਦਾ ਅਠਵਾਂ ਦਿਨ ਅਸ਼ਟਮੀ ਦੇ ਰੂਪ 'ਚ ਮਨਾਇਆ ਜਾਂਦਾ ਅਸ਼ਟਮੀ ਮੇਲਾ ਅੱਜ ਰਤੀ ਪੁਰ ਮਾਰਗ ਤੇ ਸਥਿਤ ਮਾਤਾ ਭੱਦਰਕਾਲੀ ਦੇ ਮੰਦਰ ਵਿੱਚ ਲੱਗਿਆ। ਮੰਦਰ ਪ੍ਰਬੰਧਕਾਂ ਵਿੱਚ ਸੰਦੀਪ ਸ਼ਰਮਾ ਨੇ ਦੱਸਿਆ ਕਿ ਸਵੇਰੇ ਤੜਕੇ ਚਾਰ ਵਜੇ ਮੂਰਤੀ ਇਸ਼ਨਾਨ, ਵਸਤਰ ਬਦਲਣ ਤੋਂ ਬਾਅਦ ਤੇ ਪੂਜਾ ਕੀਤੀ ਅਤੇ ਫਿਰ ਮਾਤਾ ਭੱਦਰਕਾਲੀ ਜੀ ਦਾ ਹਵਨ ਕਰਕੇ ਮੰਦਰ ਵਿੱਚ ਮਾਤਾ ਜੀ ਦੀ ਅਰਦਾਸ ਕੀਤੀ ਅਤੇ ਭੋਗ ਲਗਾਉਣ ਉਪਰੰਤ ਦਰਸ਼ਨਾ ਲਈ ਮੰਦਰ ਖੋਲ੍ਹ ਦਿੱਤਾ। ਇਸ ਅਸ਼ਟਮੀ ਦੇ ਦਿਨ ਸਰਧਾਲੂ ਆਪਣੇ ਆਪਣੇ ਘਰਾਂ ਵਿੱਚੋਂ ਕੜ੍ਹਾਹ ਪ੍ਰਸ਼ਾਦ ਬਣਾ ਕੇ ਮੰਦਰ ਲਿਆਉਂਦੇ ਹਨ, ਤੇ ਛੋਟੀਆਂ ਛੋਟੀਆਂ ਲੜਕੀਆ ਨੂੰ ਕੰਜਕਾਂ ਦੇ ਰੂਪ ਵਿੱਚ ਪੂਜਦੇ ਹਨ, ਅਤੇ ਮੰਦਰ ਆਏ ਸ਼ਰਧਾਲੂਆਂ 'ਚ ਪ੍ਰਸਾਦ ਵੰਡਦੇ ਹਨ। ਇਸੇ ਦਿਨ ਮੰਦਰ ਆਏ ਸ਼ਰਧਾਲੂਆਂ ਦੇ ਲਈ ਪ੍ਰਬੰਧਕਾਂ ਤੇ ਧਾਰਮਿਕ ਸੰਸਥਾਵਾਂ ਵੱਲੋਂ ਵੱਖ-ਵੱਖ ਪਕਵਾਨਾਂ ਦੇ ਲੰਗਰ ਵੀ ਲਗਾਏ ਜਾਂਦੇ ਹਨ। ਮੰਦਰ ਦੇ ਪੁਜਾਰੀ ਨੇ ਦੱਸਿਆ ਕਿ ਰਤੀਪੁਰ ਮਾਰਗ 'ਤੇ ਸਥਿਤ ਇਲਾਕੇ ਵਿੱਚ ਅਜਿਹਾ ਭੱਦਰਕਾਲੀ ਮਾਤਾ ਦਾ ਪ੍ਰਾਚੀਨ ਮੰਦਰ ਇੱਕੋ ਇੱਕ ਹੀ ਹੈ। ਇਸ ਲਈ ਇੱਥੇ ਦੂਰ ਤੋ ਦੂਰ ਤੋ ਸਰਧਾਲੂ ਇਨ੍ਹਾਂ ਨਰਾਤਿਆਂ ਦੇ ਦਿਨਾਂ ਵਿੱਚ ਨਤਮਸਤਕ ਹੋਣ ਆਉਦੇ ਹਨ। ਇਸ ਮੌਕੇ ਅਨਿਲ ਸ਼ਰਮਾ,ਪਰਵੀਨ ਸ਼ਰਮਾ, ਸੈਕੀ ਸੰਗਮਾ, ਸੰਦੀਪ ਸ਼ਰਮਾ,ਦੀਪਕ ਸ਼ਰਮਾ,ਸੋਰਵ ਸ਼ਰਮਾ ਤੇ ਹੋਰ ਵੀ ਸਰਧਾਲੂ ਮੌਜੂਦ ਸਨ।

# ਕਮਿਊਨਿਟੀ ਹਾਲ, ਇਨਡੋਰ ਸਟੇਡੀਅਮ, ਸੜਕਾਂ ਤੇ ਸੀਵਰੇਜ ਦੇ ਹੋਣਗੇ ਕੰਮ



ਧਨੌਲਾ, ( ਲੋਕ ਬਾਣੀ) ਲੋਕ ਸਭਾ ਮੈਂਬਰ ਸੰਗਰੂਰ ਸ. ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਇਥੇ ਕਿਹਾ ਕਿ ਸਰਕਾਰ ਵਲੋਂ ਧਨੌਲਾ ਦੇ ਵਿਕਾਸ ਕਾਰਜਾਂ ਲਈ ਕਰੀਬ 25 ਕਰੋੜ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ ਜਿਸ ਨਾਲ ਸ਼ਹਿਰ ਦੇ ਵਿਕਾਸ ਕਾਰਜ ਵਿਆਪਕ ਪੱਧਰ ਤੇ ਨੇਪਰੇ ਚਾੜ੍ਹੇ ਜਾਣਗੇ।

ਉਨ੍ਹਾਂ ਬਾਜ਼ੀਗਰ ਬਸਤੀ ਧਨੌਲਾ ਵਿਖੇ ਗਲੀਆਂ ਵਿੱਚ ਇੰਟਰਲਾਕਿੰਗ ਟਾਈਲਾਂ ਲਗਾਉਣ ਦੇ ਕੰਮ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਸੰਬੋਧਨ ਕਰਦੇ ਹੋਏ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 25 ਕਰੋੜ ਰੁਪਏ ਦੀ ਵੱਡੀ ਗ੍ਰਾਂਟ ਧਨੌਲਾ ਸ਼ਹਿਰ ਲਈ ਜਾਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਨਗਰ ਕੌਂਸਲ ਧਨੌਲਾ ਨੂੰ ਕਿਸੇ ਸਰਕਾਰ ਨੇ ਏਨੇ ਫੰਡ ਨਹੀਂ ਦਿੱਤੇ।

ਉਨ੍ਹਾਂ ਕਿਹਾ ਕਿ ਇਸ ਗ੍ਰਾਂਟ ਨਾਲ ਸ਼ਹਿਰ ਵਿੱਚ ਬੈਡਮਿੰਟਨ ਅਤੇ ਬਾਕਸਿੰਗ ਦਾ ਇਨਡੋਰ ਸਟੇਡੀਅਮ, ਕਮਿਊਨਿਟੀ ਮੈਰਿਜ ਪੈਲੇਸ ਬਣਾਉਣ, ਸੜਕਾਂ, ਇੰਟਰਲਾਕ ਟਾਈਲਾਂ ਆਦਿ ਦੇ ਕੰਮ ਨੇਪਰੇ ਚਾੜ੍ਹੇ ਜਾਣਗੇ।

ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਲੋਕਾਂ ਦੀ ਬਿਹਤਰੀ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਉਹ ਬਰਨਾਲਾ ਵਿਧਾਨ ਸਭਾ ਹਲਕੇ ਦੀ ਬਿਹਤਰੀ ਲਈ ਲਗਾਤਾਰ ਯਤਨਸ਼ੀਲ ਹਨ ਤੇ ਕਿਸਾਨਾਂ ਲਈ ਸਿੰਚਾਈ ਪਾਈਪਲਾਈਨ ਪ੍ਰੋਜੈਕਟ ਤਹਿਤ ਲਈ 300 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਹਨ। ਇਸ ਤੋਂ ਇਲਾਵਾ ਵੱਧ ਤੋਂ ਵੱਧ ਰਕਬੇ ਤਕ ਨਹਿਰੀ ਪਾਣੀ ਪਹੁੰਚਦਾ ਕਰਨ ਲਈ ਨਵੇਂ ਮੋਘੇ ਕੱਢੇ ਗਏ ਤੇ ਹੋਰ ਵੀ ਕੰਮ ਕੀਤਾ ਕੀਤਾ ਜਾਣਾ ਹੈ।

ਇਸ ਮੌਕੇ ਓਐਸਡੀ ਹਸਨਪ੍ਰੀਤ ਭਾਰਦਵਾਜ, ਨਗਰ ਕੌਂਸਲ ਬਰਨਾਲਾ ਦੇ ਪ੍ਰਧਾਨ ਗੁਰਜੀਤ ਸਿੰਘ ਰਾਮਨਵਾਸੀਆ, ਈ.ਓ ਵਿਸ਼ਾਲਦੀਪ ਆਦਿ ਹਾਜ਼ਰ ਸਨ।

# ਚੋਣ ਕਮਿਸ਼ਨ ਜਾਬਤੇ ਦੀ ਸਖ਼ਤੀ ਨਾਲ ਕੀਤੀ ਜਾਵੇ ਪਾਲਣਾ ਤੇ ਕੋਈ ਅਧਿਕਾਰੀ ਅਣਗਹਿਲੀ ਨਾ ਵਰਤੇ - ਭੁਪਿੰਦਰ ਸਿੰਘ ਆਈ ਏ ਐਸ

ਮਾਲੇਰਕੋਟਲਾ, ( ਲੋਕ ਬਾਣੀ) ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਮਾਲੇਰਕੋਟਲਾ ਜ਼ਿਲ੍ਹੇ ਲਈ ਤਾਇਨਾਤ ਕੀਤੇ ਚੋਣ ਆਬਜ਼ਰਵਰ ਸੀਨੀਅਰ ਆਈ.ਏ.ਐਸ. ਅਧਿਕਾਰੀ ਤੇ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਦੇ ਡਾਇਰੈਕਟਰ ਸ੍ਰ ਭੁਪਿੰਦਰ ਸਿੰਘ ਨੇ ਅੱਜ ਗ੍ਰਾਮ ਪੰਚਾਇਤ ਚੋਣਾਂ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਕਮ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਸ਼੍ਰੀਮਤੀ ਨਵਦੀਪ ਕੌਰ ਅਤੇ ਹੋਰ ਚੋਣ ਅਧਿਕਾਰੀਆਂ ਨਾਲ ਬੈਠਕ ਕੀਤੀ। ਚੋਣ ਆਬਜ਼ਰਵਰ ਨੇ ਕਿਹਾ ਕਿ ਕਿਸੇ ਵੀ ਕਿਸਮ ਦੀ ਸ਼ਿਕਾਇਤ ਉਪਰ ਤੁਰੰਤ ਕਾਰਵਾਈ ਕਰਕੇ ਰਿਪੋਰਟ ਦਿੱਤੀ ਜਾਵੇ ਤੇ ਚੋਣ ਅਮਲ ਚ ਕੋਈ ਅਣਗਹਿਲੀ ਨਾ ਵਰਤੀ ਜਾਵੇ।



ਉਹਨਾਂ ਨੇ 15 ਅਕਤੂਬਰ ਨੂੰ ਗ੍ਰਾਮ ਪੰਚਾਇਤਾਂ ਦੀਆਂ ਹੋਣ ਵਾਲੀਆਂ ਆਮ ਚੋਣਾਂ ਦੇ ਮੱਦੇਨਜ਼ਰ ਸਮੁੱਚਾ ਚੋਣ ਅਮਲ ਪੂਰੀ ਨਿਰਪੱਖਤਾ, ਪਾਰਦਰਸ਼ਤਾ ਤੇ ਨਿਰਵਿਘਨ ਢੰਗ ਨਾਲ ਨੇਪਰੇ ਚਾੜਨ ਲਈ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਸਾਂਝੀਆਂ ਕੀਤੀਆਂ। ਚੋਣ ਆਬਜ਼ਰਵਰ ਨੇ ਕਿਹਾ ਕਿ ਸਮੁੱਚੇ ਅਧਿਕਾਰੀ ਇਹ ਚੋਣਾਂ ਆਜ਼ਾਦਾਨਾ ਤੇ ਨਿਰਪੱਖਤਾ ਨਾਲ ਕਰਵਾਉਣ ਤਾਂ ਕਿ ਲੋਕਾਂ ਦਾ ਚੋਣ ਪ੍ਰਕ੍ਰਿਆ ਤੇ ਲੋਕਤੰਤਰ ਚ ਵਿਸ਼ਵਾਸ਼ ਬਹਾਲ ਰਹੇ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਚੋਣ ਜਾਬਤੇ ਦੀ ਪਾਲਣਾ ਸਖ਼ਤੀ ਨਾਲ ਕੀਤੀ ਜਾ ਰਹੀ ਹੈ ਤੇ ਚੋਣ ਅਮਲ ਨਿਰਵਿਘਨਤਾ ਸਹਿਤ ਨੇਪਰੇ ਚੜ੍ਹਾਉਣ ਲਈ ਚੋਣ ਅਮਲੇ ਦੀਆਂ ਰਿਹਰਸਲਾਂ ਕਰਵਾਉਣ ਸਮੇਤ ਵੋਟਾਂ ਪੁਆਉਣ ਦੇ ਸਮੁੱਚੇ ਪ੍ਰਬੰਧ ਮੁਕੰਮਲ ਹਨ। ਇਸ ਮੌਕੇ ਚੋਣ ਆਬਜ਼ਰਵਰ ਨੇ ਵੱਖ ਵੱਖ ਪੋਲਿੰਗ ਸਟੇਸ਼ਨਾਂ, ਸਟਰਾਂਗ ਰੂਮਾਂ ਅਤੇ ਇਲਾਕਿਆਂ ਦਾ ਦੌਰਾ ਕੀਤਾ।

ਇਸ ਮੌਕੇ ਉਪ ਮੰਡਲ ਮੈਜਿਸਟਰੇਟ ਅਹਿਮਦਗੜ੍ਹ/ਮਾਲੇਰਕੋਟਲਾ ਹਰਬੰਸ ਸਿੰਘ, ਉਪ ਮੰਡਲ ਮੈਜਿਸਟਰੇਟ ਅਮਰਗੜ੍ਹ ਸ੍ਰੀਮਤੀ ਸੁਰਿੰਦਰ ਕੌਰ, ਸਹਾਇਕ ਕਮਿਸ਼ਨਰ ਗੁਰਮੀਤ ਕੁਮਾਰ ਬਾਂਸਲ, ਜ਼ਿਲ੍ਹਾ ਮਾਲ ਅਫਸਰ ਸ੍ਰੀਮਤੀ ਮਨਦੀਪ ਕੌਰ , ਡੀ.ਡੀ.ਪੀ.ਓ ਰਿੰਪੀ ਗਰਗ,ਤਹਿਸ਼ੀਲਦਾਰ ਮਾਲੇਰਕੋਟਲਾ ਸ਼ੀਸਪਾਲ ਸਿੰਗਲਾ,ਨਾਇਬ ਤਹਿਸ਼ੀਲਦਾਰ ਅਹਿਮਦਗੜ੍ਹ ਪਰਵੀਨ ਕੁਮਾਰ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
82880 21797
82880 21798
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਉਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements in 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565